SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 01 | Monday, January 2, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਚੀਨ ਤੋਂ ਆਉਣ ਵਾਲੇ ਟਰੈਵਲਰਜ਼ ਲਈ ਕੈਨੇਡਾ ਵੱਲੋਂ ਲਾਈਆਂ ਕੋਵਿਡ-19 ਪਾਬੰਦੀਆਂ ਸਹੀ ਨਹੀਂ : ਮਾਹਿਰ



ਓਟਵਾ, 1 ਜਨਵਰੀ (ਪੋਸਟ ਬਿਊਰੋ) : ਮਾਹਿਰਾਂ ਦਾ ਕਹਿਣਾ ਹੈ ਕਿ ਚੀਨ ਤੋਂ ਆਉਣ ਵਾਲੇ ਟਰੈਵਲਰਜ਼ ਦੇ ਨੈਗੇਟਿਵ ਕੋਵਿਡ-19 ਟੈਸਟ ਨਾਲ ਵਾਇਰਸ ਦੇ ਨਵੇਂ ਵੇਰੀਐਂਟਸ ਫੈਲਣ ਤੋਂ ਰੋਕਣ ਵਿੱਚ ਕੋਈ ਮਦਦ ਨਹੀਂ ਮਿਲੇਗੀ।

ਯੂਨੀਵਰਸਿਟੀ ਆਫ ਟੋਰਾਂਟੋ ਦੀ ਟਮੈਰਿਟੀ ਫੈਕਲਟੀ ਆਫ ਮੈਡੀਸਿਨ ਵਿਖੇ ਅਸਿਸਟੈਂਟ ਪ੍ਰੋਫੈਸਰ ਕੈਰੀ ਬੋਅਮੈਨ ਨੇ ਆਖਿਆ ਕਿ ਇਹ ਕਦਮ ਵਿਗਿਆਨ ਦੇ ਅਧਾਰ ਉੱਤੇ ਨਹੀਂ ਚੁੱਕਿਆ ਜਾ ਰਿਹਾ ਸਗੋਂ ਇਹ ਸਿਆਸੀ ਚਾਲ ਹੈ। ਸ਼ਨਿੱਚਰਵਾਰ ਨੂੰ ਫੈਡਰਲ ਸਰਕਾਰ ਨੇ ਆਖਿਆ ਸੀ ਕਿ ਚੀਨ, ਹਾਂਗ ਕਾਂਗ ਤੇ ਮਕਾਓ ਤੋਂ ਆਉਣ ਵਾਲੇ ਟਰੈਵਲਰਜ਼ ਦੀ ਕੈਨੇਡਾ ਲਈ ਰਵਾਨਾ ਹੋਣ ਤੋਂ ਪਹਿਲਾਂ ਕੋਵਿਡ-19 ਟੈਸਟ ਵਿੱਚ ਨੈਗੇਟਿਵ ਰਿਪੋਰਟ ਹੋਣਾ ਜ਼ਰੂਰੀ ਹੋਵੇਗਾ। ਇਹ ਵੀ ਆਖਿਆ ਗਿਆ ਕਿ ਇਹ ਨਿਯਮ 5 ਜਨਵਰੀ ਤੋਂ ਸ਼ੁਰੂ ਹੋਵੇਗਾ ਤੇ ਇਨ੍ਹਾਂ ਤਿੰਨਾਂ ਦੇਸ਼ਾਂ ਤੋਂ ਆਉਣ ਵਾਲੇ ਦੋ ਸਾਲ ਤੇ ਇਸ ਤੋਂ ਵੱਧ ਉਮਰ ਦੇ ਸਾਰੇ ਟਰੈਵਲਰਜ਼ ਲਈ ਇਹ ਟੈਸਟ ਕਰਵਾਉਣਾ ਲਾਜ਼ਮੀ ਹੋਵੇਗਾ।

ਬੋਅਮੈਨ, ਜੋਕਿ ਬਾਇਓਐਥਿਕਸ ਤੇ ਗਲੋਬਲ ਹੈਲਥ ਪੜ੍ਹਾਉਂਦੇ ਹਨ, ਨੇ ਆਖਿਆ ਕਿ ਚੀਨ ਵਿੱਚ ਇਸ ਸਮੇਂ ਓਮਾਈਕ੍ਰੋਨ ਦਾ ਕਿਹੜਾ ਵੇਰੀਐਂਟ ਸਰਕੂਲੇਟ ਕਰ ਰਿਹਾ ਹੈ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ। ਇਸ ਦੌਰਾਨ ਯੂਨੀਵਰਸਿਟੀ ਆਫ ਟੋਰਾਂਟੋ ਦੀ ਟਮੈਰਿਟੀ ਫੈਕਲਟੀ ਆਫ ਮੈਡੀਸਿਨ ਦੇ ਐਸੋਸਿਏਟ ਪ੍ਰੋਫੈਸਰ ਡਾ· ਇਸਾਕ ਬੋਗੋਚ ਨੇ ਆਖਿਆ ਕਿ ਇਹ ਸਪਸ਼ਟ ਨਹੀਂ ਹੋ ਪਾ ਰਿਹਾ ਕਿ ਇਸ ਤਰ੍ਹਾਂ ਦੀ ਨੀਤੀ ਦੇ ਟੀਚੇ ਕੀ ਹਨ ਪਰ ਇਸ ਤਰ੍ਹਾਂ ਦੇ ਮਾਪਦੰਡਾਂ ਨਾਲ ਮਦਦ ਨਹੀਂ ਮਿਲਦੀ। ਉਨ੍ਹਾਂ ਆਖਿਆ ਕਿ ਜੇ ਚੀਨ ਆਪਣੇ ਕੋਵਿਡ-19 ਸਬੰਧੀ ਡਾਟਾ, ਵੇਰੀਐਂਟਸ, ਵੈਕਸੀਨਜ਼ ਤੇ ਇਸ ਦੇ ਪਸਾਰ ਦੇ ਸਬੰਧ ਵਿੱਚ ਪਾਰਦਰਸ਼ੀ ਪਹੁੰਚ ਅਪਨਾਵੇ ਤਾਂ ਉਸ ਨਾਲ ਮਦਦ ਮਿਲ ਸਕਦੀ ਹੈ।

ਯੂਨੀਵਰਸਿਟੀ ਆਫ ਟੋਰਾਂਟੋ ਦੀ ਫੈਕਲਟੀ ਆਫ ਇਨਫਰਮੇਸ਼ਨ ਦੇ ਅਸਿਸਟੈਂਟ ਪ੍ਰੋਫੈਸਰ ਕੌਲਿਨ ਫਰਨੈਂਸ ਨੇ ਆਖਿਆ ਕਿ ਟਰੈਵਲ ਨਿਯਮਾਂ ਸਬੰਧੀ ਇਹ ਸਥਿਤੀ ਗੁੰਝਲਦਾਰ ਹੈ। ਇਹ ਸਿਆਸੀ, ਸਮਾਜਕ ਤੇ ਪਬਲਿਕ ਹੈਲਥ ਨਾਲ ਜੁੜਿਆ ਮਾਮਲਾ ਹੈ। ਇਸ ਕਦਮ ਨੂੰ ਸਿਆਸੀ ਤੇ ਨਸਲੀ ਮੰਨਿਆ ਜਾਵੇਗਾ। ਇਹ ਗੱਲਾਂ ਕਿਸੇ ਵੀ ਤਰ੍ਹਾਂ ਮਦਦਗਾਰ ਸਿੱਧ ਨਹੀਂ ਹੁੰਦੀਆਂ।

## ਪਾਬੰਦੀਸ਼ੁਦਾ ਹਥਿਆਰਾਂ ਨੂੰ ਮੁੜ ਖਰੀਦਣ ਦੇ ਸਬੰਧ ਵਿੱਚ ਕਈ ਬਦਲ ਵਿਚਾਰ ਰਹੀ ਹੈ ਫੈਡਰਲ ਸਰਕਾਰ : ਮੈਂਡੀਸਿਨੋ



ਓਟਵਾ, 1 ਜਨਵਰੀ (ਪੋਸਟ ਬਿਊਰੋ) : ਪਾਬੰਦੀਸ਼ੁਦਾ ਹਥਿਆਰਾਂ ਨੂੰ ਮੁੜ ਖਰੀਦਣ ਦੇ ਸਬੰਧ ਵਿੱਚ ਫੈਡਰਲ ਸਰਕਾਰ ਕਈ ਬਦਲ ਵਿਚਾਰ ਰਹੀ ਹੈ। ਇਹ ਖੁਲਾਸਾ ਪਬਲਿਕ ਸੇਫਟੀ ਮੰਤਰੀ ਮਾਰਕੋ ਮੈਂਡੀਸਿਨੋ ਨੇ ਕੀਤਾ।

ਜ਼ਿਕਰਯੋਗ ਹੈ ਕਿ ਫੈਡਰਲ ਸਰਕਾਰ ਨੇ ਏਆਰ-15 ਤੇ ਰੂਗਰ ਮਿਨੀ-14 ਸਮੇਤ ਹਥਿਆਰਾਂ ਦੇ 1500 ਮਾਡਲਜ਼ ਉੱਤੇ ਪਾਬੰਦੀ ਲਾ ਦਿੱਤੀ ਸੀ। ਇਨ੍ਹਾਂ ਹਥਿਆਰਾਂ ਨੂੰ ਮੁੜ ਖਰੀਦਣ ਵਾਲੇ ਪ੍ਰਸਤਾਵਿਤ ਪ੍ਰੋਗਰਾਮ ਤਹਿਤ ਹਥਿਆਰਾਂ ਦੇ ਮਾਲਕਾਂ ਨੂੰ ਜਾਂ ਤਾਂ ਆਪਣੇ ਇਹ ਹਥਿਆਰ ਸਰਕਾਰ ਨੂੰ ਵੇਚਣੇ ਹੋਣਗੇ ਤੇ ਜਾਂ ਫੈਡਰਲ ਸਰਕਾਰ ਦੇ ਖਰਚੇ ਉੱਤੇ ਇਨ੍ਹਾਂ ਨੂੰ ਖ਼ਤਮ ਕਰਵਾਉਣਾ ਹੋਵੇਗਾ।

ਇਸ ਦੌਰਾਨ ਦ ਕੈਨੇਡੀਅਨ ਐਸੋਸਿਏਸ਼ਨ ਆਫ ਚੀਫਜ਼ ਆਫ ਪੁਲਿਸ ਵੱਲੋਂ ਲਿਬਰਲ ਸਰਕਾਰ ਨੂੰ ਇਹ ਬੇਨਤੀ ਕੀਤੀ ਗਈ ਹੈ ਕਿ ਇਸ ਕੰਮ ਨੂੰ ਸਿਰੇ ਚੜ੍ਹਾਉਣ ਲਈ ਕਿਸੇ ਹੋਰ ਆਰਗੇਨਾਈਜ਼ੇਸ਼ਨ, ਕੁਰੀਅਰ ਜਾਂ ਮੇਲ ਸੇਵਾਵਾਂ ਦੀ ਮਦਦ ਲਈ ਜਾਵੇ ਤਾਂ ਕਿ ਪੁਲਿਸ ਕਾਨੂੰਨ ਤੋੜਨ ਵਾਲਿਆਂ ਦੇ ਨਾਲ ਨਾਲ ਸਰਹੱਦੀ ਅਖੰਡਤਾ ਨੂੰ ਤੋੜਨ, ਸਮਗਲਿੰਗ ਆਦਿ ਵਰਗੇ ਜੁਰਮਾਂ ਨੂੰ ਅੰਜਾਮ ਦੇਣ ਵਾਲਿਆਂ ਉੱਤੇ ਆਪਣਾ ਧਿਆਨ ਕੇਂਦਰਿਤ ਕਰ ਸਕੇ। ਇਸ ਦੌਰਾਨ ਮੈਂਡੀਸਿਨੋ ਨੇ ਆਖਿਆ ਕਿ ਇਸ ਕੰਮ ਨੂੰ ਅੰਜਾਮ ਦੇਣ ਲਈ ਕਈ ਸਟੇਕਹੋਲਡਰਜ਼, ਭਾਈਵਾਲਾਂ ਤੇ ਕਾਨੂੰਨ ਲਾਗੂ ਕਰਵਾਉਣ ਵਾਲੀਆਂ ਏਜੰਸੀਆਂ ਦੀ ਮਦਦ ਲੈਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ। ਸਰਕਾਰ ਦੇ ਹੋਰਨਾਂ ਪੱਧਰਾਂ ਨਾਲ ਵੀ ਕੰਮ ਕੀਤਾ ਜਾ ਰਿਹਾ ਹੈ। ਅਸੀਂ ਹਰ ਤਰ੍ਹਾਂ ਦੇ ਬਦਲ ਖੁੱਲ੍ਹੇ ਰੱਖ ਕੇ ਚੱਲ ਰਹੇ ਹਾਂ।

## ਲੋਗਨ ਐਵਨਿਊ ਵਿੱਚ ਚੱਲੀ ਗੋਲੀ, ਇੱਕ ਜ਼ਖ਼ਮੀ



ਓਨਟਾਰੀਓ, 1 ਜਨਵਰੀ (ਪੋਸਟ ਬਿਊਰੋ) : ਲੋਗਨ ਐਵਨਿਊ ਤੇ ਫੈਨਵਿੱਕ ਐਵਨਿਊ ਇਲਾਕੇ ਵਿੱਚ ਸਵੇਰੇ 5:37 ਉੱਤੇ ਗੋਲੀਆਂ ਚੱਲਣ ਦੀ ਰਿਪੋਰਟ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ।

28 ਸਾਲਾ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਉਸ ਦੇ ਜ਼ਖ਼ਮ ਜਾਨਲੇਵਾ ਨਹੀਂ ਦੱਸੇ ਜਾਂਦੇ। ਪੁਲਿਸ ਨੇ ਦੱਸਿਆ ਕਿ ਇਸ ਵਿਅਕਤੀ ਦੀ ਲੱਤ ਵਿੱਚ ਗੋਲੀ ਲੱਗੀ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

## ਹੈਮਿਲਟਨ ਦੇ ਘਰ ਵਿੱਚ ਲੱਗੀ ਜ਼ਬਰਦਸਤ ਅੱਗ ਕਾਰਨ 2 ਬੱਚਿਆਂ ਸਮੇਤ 4 ਦੀ ਹੋਈ ਮੌਤ



ਹੈਮਿਲਟਨ, 1 ਜਨਵਰੀ (ਪੋਸਟ ਬਿਊਰੋ) : ਹੈਮਿਲਟਨ ਦੇ ਇੱਕ ਘਰ ਵਿੱਚ ਲੱਗੀ ਜ਼ਬਰਦਸਤ ਅੱਗ ਕਾਰਨ ਦੋ ਬੱਚਿਆਂ ਸਮੇਤ ਚਾਰ ਵਿਅਕਤੀਆਂ ਦੀ ਮੌਤ ਹੋ ਗਈ।

ਵੀਰਵਾਰ ਰਾਤ ਨੂੰ 11:00 ਵਜੇ ਤੋਂ ਤੁਰੰਤ ਬਾਅਦ ਫਾਇਰਫਾਈਟਰਜ਼ ਨੂੰ ਅੱਪਰ ਗੇਜ ਐਵਨਿਊ ਤੇ ਰਾਇਮਲ ਰੋਡ ਇਲਾਕੇ ਵਿੱਚ 14 ਡਰਬੀ ਸਟਰੀਟ ਵਿਖੇ ਟਾਊਨਹਾਊਸ ਵਿੱਚ ਸੱਦਿਆ ਗਿਆ। ਜਦੋਂ ਫਾਇਰਫਾਈਟਰਜ਼ ਮੌਕੇ ਉੱਤੇ ਪਹੁੰਚੇ ਤਾਂ ਉਨ੍ਹਾਂ ਨੂੰ ਟਾਊਨਹਾਊਸਿਜ਼ ਦੀ ਵਿੱਚ ਵਾਲੀ ਰੋਅ ਦੇ ਸੈਂਟਰ ਵਿੱਚ ਇੱਕ ਘਰ ਨੂੰ ਅੱਗ ਲੱਗੀ ਨਜ਼ਰ ਆਈ। ਉਨ੍ਹਾਂ ਵੱਲੋਂ ਫੌਰੀ ਤੌਰ ਉੱਤੇ ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ ਗਈ।

ਕ੍ਰਿਊ ਨੂੰ ਟਾਊਨਹੋਮ ਦੀ ਦੂਜੀ ਮੰਜ਼ਿਲ ਉੱਤੇ ਫਸੇ ਹੋਏ ਕੁੱਝ ਲੋਕਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਫਾਇਰ ਅਧਿਕਾਰੀਆਂ ਵੱਲੋਂ ਇੱਕ ਬਿਆਨ ਵਿੱਚ ਆਖਿਆ ਗਿਆ ਕਿ ਦੂਜੀ ਮੰਜ਼ਿਲ ਉੱਤੇ ਲੋਕਾਂ ਨੂੰ ਬਚਾਉਣ ਲਈ ਜਾਂਦੇ ਸਮੇਂ ਕ੍ਰਿਊ ਨੂੰ ਭਾਰੀ ਧੂੰਏ ਤੇ ਤੇਜ਼ ਗਰਮੀ ਦਾ ਸਾਹਮਣਾ ਕਰਨਾ ਪਿਆ। ਸਰਚ ਤੇ ਰੈਸਕਿਊ ਆਪਰੇਸ਼ਨ ਦੌਰਾਨ ਫਾਇਰਫਾਈਟਰਜ਼ ਵੱਲੋਂ ਚਾਰ ਵਿਅਕਤੀਆਂ ਨੂੰ ਦੂਜੀ ਮੰਜ਼ਿਲ ਤੋਂ ਜਲਦੀ ਹੇਠਾਂ ਲਿਜਾਇਆ ਗਿਆ।

ਪੈਰਾਮੈਡਿਕਸ ਨਾਲ ਰਲ ਕੇ ਫਾਇਰਫਾਈਟਰਜ਼ ਨੇ ਚਾਰਾਂ ਨੂੰ ਬਚਾਉਣ ਦੀ ਕੋਸ਼ਿਸ਼ ਸ਼ੁਰੂ ਕੀਤੀ ਤੇ ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਹੈਮਿਲਟਨ ਪੁਲਿਸ ਨੇ ਦੱਸਿਆ ਕਿ ਕੁੱਲ ਛੇ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ ਸੀ ਜਿਨ੍ਹਾਂ ਵਿੱਚੋਂ ਦੋ ਵਿਅਕਤੀਆਂ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਦੋਵਾਂ ਬਾਲਗਾਂ ਤੇ ਬੱਚਿਆਂ ਦੀ ਉਮਰ ਤੇ ਲਿੰਗ ਦਾ ਖੁਲਾਸਾ ਨਹੀਂ ਕੀਤਾ ਗਿਆ ਹੈ।

ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਹੌਲੀ ਹੌਲੀ ਅੱਗ ਉੱਤੇ ਕਾਬੂ ਪਾ ਲਿਆ ਗਿਆ ਤੇ ਕਿਸੇ ਹੋਰ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਓਨਟਾਰੀਓ ਫਾਇਰ ਮਾਰਸ਼ਲ ਦੇ ਆਫਿਸ ਨੂੰ ਮਾਮਲੇ ਦੀ ਜਾਂਚ ਕਰਨ ਲਈ ਸੱਦਿਆ ਗਿਆ ਹੈ।

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI 416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5N 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵੱਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵੱਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫ਼ਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਸੁਖਬੀਰ ਬਾਦਲ ਸਿੱਖ ਮੁੱਦਿਆਂ 'ਤੇ ਕੌਮ ਨੂੰ ਗੁਮਰਾਹ ਕਰਨ ਤੋਂ ਗੁਰੇਜ਼ ਕਰਨ : ਪ੍ਰੋ: ਸਰਚਾਂਦ ਸਿੰਘ ਖਿਆਲਾ

ਅੰਮ੍ਰਿਤਸਰ, 1 ਜਨਵਰੀ (ਗਿਆਨ ਸਿੰਘ)- ਭਾਰਤੀ ਜਨਤਾ ਪਾਰਟੀ ਦੇ ਸਿੱਖ ਆਗੂ ਪ੍ਰੋ: ਸਰਚਾਂਦ ਸਿੰਘ ਖਿਆਲਾ ਨੇ ਅਕਾਲੀ ਦਲ ਦੇ ਪ੍ਰਧਾਨ ਸ: ਸੁਖਬੀਰ ਸਿੰਘ ਬਾਦਲ ਉੱਤੇ 'ਵੀਰ ਬਾਲ ਦਿਵਸ' ਬਾਰੇ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਕੀ ਉਨ੍ਹਾਂ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਕੁਝ ਸਾਲ ਪਹਿਲਾਂ 'ਬਾਲ ਦਿਵਸ' ਦੇ ਰੂਪ ਵਿਚ ਮਨਾਉਣ ਲਈ ਕੀਤੀ ਗਈ ਮੰਗ ਠੀਕ ਹੈ ਜਾਂ ਹੁਣ ਕੀਤਾ ਜਾ ਰਿਹਾ ਬੇਲੋੜਾ ਵਿਰੋਧ ਸਹੀ ਹੈ? ਇਸ ਬਾਰੇ ਉਨ੍ਹਾਂ ਨੂੰ ਸਿੱਖ ਕੌਮ ਅੱਗੇ ਆਪਣਾ ਸਟੈਂਡ ਸਪਸ਼ਟ ਕਰਨਾ ਚਾਹੀਦਾ ਹੈ।



ਪ੍ਰੋ: ਸਰਚਾਂਦ ਸਿੰਘ ਨੇ ਪੁਰਾਣੀਆਂ ਅਖ਼ਬਾਰਾਂ ਦੇ ਹਵਾਲੇ ਨਾਲ ਕਿਹਾ ਕਿ ਅਕਾਲੀ ਦਲ (ਬਾਦਲ) ਦੇ ਕੰਟਰੋਲ ਵਾਲੀ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਬਾਰੇ 16 ਜਨਵਰੀ 2018 ਨੂੰ ਦਿੱਲੀ ਦੇ ਵਿਗਿਆਨ ਭਵਨ ਵਿਖੇ ਕਰਾਏ ਗਏ ਕੌਮੀ ਪੱਧਰ ਦੇ ਸੈਮੀਨਾਰ ਵਿਚ ਬੁਲਾਰਿਆਂ ਵੱਲੋਂ ਦੇਸ਼ ਵਿਚ ਸਰਕਾਰੀ ਪੱਧਰ 'ਤੇ 'ਬਾਲ ਦਿਵਸ' ਮਨਾਉਣ ਦੀ ਰਵਾਇਤ ਸ਼ੁਰੂ ਕਰਨ ਦੀ ਮੰਗ ਪ੍ਰਤੀ ਖ਼ੁਦ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸੁਖਬੀਰ ਬਾਦਲ ਨੇ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਦੀ ਮੌਜੂਦਗੀ ਵਿਚ ਵਕਾਲਤ ਕੀਤੀ ਸੀ। ਦਿਲੀ ਕਮੇਟੀ ਦੇ ਪ੍ਰਧਾਨ ਸ: ਮਨਜੀਤ ਸਿੰਘ ਜੀ ਕੇ ਅਤੇ ਮਨਜਿੰਦਰ ਸਿੰਘ ਸਰਸਾ ਦੀ ਅਗਵਾਈ 'ਚ ਕਰਾਏ ਗਏ ਸੈਮੀਨਾਰ ਵਿਚ ਕਈ ਸੀਨੀਅਰ ਅਕਾਲੀ ਆਗੂ ਅਤੇ ਮੈਂਬਰ ਪਾਰਲੀਮੈਂਟ ਮੌਜੂਦ ਸਨ। ਉਨ੍ਹਾਂ ਇਹ ਵੀ ਕਿਹਾ ਕਿ ਕੋਈ ਇਤਰਾਜ਼ ਸੀ ਤਾਂ ਇਸ ਬਾਰੇ ਕੇਂਦਰੀ ਮੰਤਰੀ ਮੰਡਲ ਵਿਚ ਫ਼ੈਸਲੇ ਲਏ ਜਾਣ ਦੌਰਾਨ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਨੇ ਵਿਰੋਧ ਕਿਉਂ ਨਾ ਜਤਾਇਆ?

ਉਨ੍ਹਾਂ ਕਿਹਾ ਕਿ ਦੇਸ਼ ਨੂੰ ਅਜ਼ਾਦ ਹੋਇਆ 75 ਸਾਲ ਹੋ ਗਏ ਹਨ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਬਿਨਾ ਕਿਸੇ ਨੂੰ ਵੀ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਦੀ ਗਾਥਾ ਨੂੰ ਦੁਨੀਆ ਦੇ ਹਰੇਕ ਮੁਲਕ ਤੇ ਹਰੇਕ ਧਰਮ ਹਰੇਕ ਵਿਅਕਤੀ ਕੋਲ ਪਹੁੰਚਾਉਣ ਦਾ ਉਪਰਾਲਾ ਤਾਂ ਕੀ ਕਰਨਾ ਸੀ ਕਿਸੇ ਨੂੰ ਖ਼ਿਆਲ ਤਕ ਨਹੀਂ ਆਇਆ। ਉਨ੍ਹਾਂ ਬਾਦਲਕਿਆਂ ਨੂੰ ਸਵਾਲ ਕੀਤਾ ਕਿ ਮੋਦੀ ਸਰਕਾਰ ਵੱਲੋਂ ਸਿੱਖੀ ਸਰੋਕਾਰਾਂ ਦੇ ਨਾਲ ਨਾਲ ਗੁਰੂ ਸਾਹਿਬਾਨ ਦੇ ਪ੍ਰਕਾਸ਼ ਅਤੇ ਸ਼ਹੀਦੀ ਦਿਹਾੜਿਆਂ ਨੂੰ ਰਾਸ਼ਟਰੀ ਪੱਧਰ 'ਤੇ ਮਨਾਉਣ 'ਤੇ ਵਿਰੋਧ ਕਰਨ ਦੇ ਕੀ ਅਰਥ ਲਏ ਜਾਣੇ ਚਾਹੀਦੇ ਹਨ?

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਸੁਖਬੀਰ ਬਾਦਲ ਭਾਰਤ ਸਰਕਾਰ ਵੱਲੋਂ ਕੀਤੇ ਜਾ ਰਹੇ ਚੰਗੇ ਅਤੇ ਉਸਾਰੂ ਕੰਮਾਂ ਦਾ ਵਿਰੋਧ ਕਰਦਿਆਂ ਸਿੱਖ ਕੌਮ ਨੂੰ ਗੁਮਰਾਹ ਕਰ ਕੇ ਸੌੜੀ ਰਾਜਨੀਤੀ ਕਰ ਰਿਹਾ ਹੈ। ਬਾਦਲਾਂ ਨੂੰ ਅਜਿਹੀ ਦੋਹਰੀ ਮਾਪਦੰਡ ਨੂੰ ਤਿਲਾਂਜਲੀ ਦੇ ਕੇ ਕੌਮ ਦੇ ਵੱਡੇ ਹਿਤਾਂ ਦੀ ਖ਼ਾਤਰ ਅੱਗੇ ਆਉਣਾ ਚਾਹੀਦਾ ਹੈ। ਨਾ ਕਿ ਵਿਰੋਧ ਦੇ ਨਾਂ 'ਤੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ।

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਅਕਾਲੀ ਦਲ (ਬਾਦਲ) ਇਕ ਪਾਸੇ ਸਿੱਖ ਕੌਮ ਦੀ ਅਗਵਾਈ ਕਰਨ ਦਾ ਦਿਖਾਵਾ ਕਰਦਾ ਹੈ, ਦੂਜੇ ਪਾਸੇ ਕੌਮ ਨੂੰ ਦੁਬਿਧਾ ਵਿਚ ਪਾਉਣ ਅਤੇ ਆਪਣੀ ਹੋਂਦ ਜਤਾਉਣ ਲਈ ਮੁੱਦਿਆਂ ਨੂੰ ਜਾਣਬੁੱਝ ਕੇ ਉਛਾਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕੌਮ ਦੇ ਹਿਤਾਂ ਲਈ ਸਕਾਰਾਤਮਿਕ ਆਲੋਚਨਾ ਦੀ ਲੋਕ ਸ਼ਲਾਘਾ ਕਰਦੇ ਹਨ। ਜੋ ਲੋਕ ਨਾਕ-ਾਰਾਤਮਕਤਾ ਫੈਲਾਉਂਦੇ ਹਨ ਉਹ ਨਾ ਤਾਂ ਕਿਸੇ ਪਾਰਟੀ ਦੇ ਹਿਤ 'ਚ ਹਨ ਅਤੇ ਨਾ ਹੀ ਕਿਸੇ ਦੇਸ਼ ਸਮਾਜ ਜਾਂ ਧਰਮ ਦੇ ਹਿਤ ਵਿਚ ਹਨ।

ਪ੍ਰੋ: ਸਰਚਾਂਦ ਸਿੰਘ ਨੇ ਕਿਹਾ ਕਿ ਸਿੱਖ ਕੌਮ ਨੂੰ ਇਸ ਸਮੇਂ ਪਹਿਲਾਂ ਹੀ ਕਈ ਗੰਭੀਰ ਚੁਨੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੋ ਅਕਾਲੀ ਦਲ (ਬਾਦਲ) ਦੇ ਵੱਲੋਂ ਹੀ ਸਮੇਂ ਸਮੇਂ ਪੈਦਾ ਕੀਤੀਆਂ ਗਈ ਸਨ। ਉਨ੍ਹਾਂ ਕਿਹਾ ਕਿ ਇਤਿਹਾਸਕ ਘਟਨਾਵਾਂ ਨੂੰ ਦੁਹਰਾਉਣਾ ਨਹੀਂ ਚਾਹੁੰਦਾ, ਪਰ ਬਾਦਲਕਿਆਂ ਵੱਲੋਂ ਕੁਰਸੀ ਖ਼ਾਤਰ ਕੀਤੀਆਂ ਗਈਆਂ ਗ਼ਲਤੀਆਂ ਦੇ ਖਮਿਆਜਿਆਂ ਦਾ ਭੁਗਤਾਨ ਪੂਰੀ ਕੌਮ ਨੂੰ ਕਰਨਾ ਪੈ ਰਿਹਾ ਹੈ। ਨਹੀਂ ਤਾਂ ਅੱਜ ਵੀ ਪੰਜਾਬ ਖ਼ੁਸ਼ਹਾਲੀ ਦੀਆਂ ਸਿਖ਼ਰਾਂ ਨੂੰ ਛੂਹ ਰਹਾ ਹੁੰਦਾ। ਉਨ੍ਹਾਂ ਸਿੱਖ ਸੰਸਥਾਵਾਂ ਨੂੰ ਵੀ ਕਿਸੇ ਸਿਆਸੀ ਪਾਰਟੀ ਦਾ ਹੱਥ ਠੋਕਾ ਨਾ ਬਣਨ ਅਤੇ ਗੁਰੂ ਸਾਹਿਬਾਨ ਵੱਲੋਂ ਦੱਸੇ ਰਸਤੇ 'ਤੇ ਚੱਲ ਕੇ ਗੁਰੂ ਸਾਹਿਬਾਨ ਦੇ ਪ੍ਰਕਾਸ਼ ਦਿਹਾੜੇ ਅਤੇ ਸ਼ਹਾਦਤਾਂ ਦੇ ਦਿਹਾੜਿਆਂ ਨੂੰ ਵੱਡੇ ਪੱਧਰ 'ਤੇ ਮਨਾਉਂਦਿਆਂ ਕੌਮ ਵਿਚ ਸਮਾਜਕ ਤੇ ਧਾਰਮਿਕ ਜਾਗ੍ਰਿਤੀ ਪੈਦਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਜਿਸ ਤੋਂ ਆਉਣ ਵਾਲੀਆਂ ਪੀੜੀਆਂ ਸਿੱਖੀ ਪਰੰਪਰਾ ਤੋਂ ਪ੍ਰੇਰਨਾ ਲੈਂਦੀਆਂ ਰਹਿਣ। ਉਨ੍ਹਾਂ ਕਿਹਾ ਮੋਦੀ ਸਰਕਾਰ ਵੱਲੋਂ ਸਾਹਿਬਜ਼ਾਦਿਆਂ ਦੀ ਯਾਦ 'ਚ ਵੀਰ ਬਾਲ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਦੀ ਸਾਰੇ ਪਾਸੇ ਸ਼ਲਾਘਾ ਹੋ ਰਹੀ ਹੈ। ਇਸ ਵੱਡੇ ਕਾਰਜ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜਲਦ ਸਨਮਾਨ ਕੀਤਾ ਜਾਵੇਗਾ।

ਕੈਪਸ਼ਨ : ਪ੍ਰੋ: ਸਰਚਾਂਦ ਸਿੰਘ ਸੁਖਬੀਰ ਸਿੰਘ ਬਾਦਲ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਬਾਲ ਦਿਵਸ ਵਜੋਂ ਮਨਾਉਣ ਬਾਰੇ ਵਕਾਲਤ ਕਰਨ ਦੀ ਅਖ਼ਬਾਰੀ ਰਿਪੋਰਟ ਦਿਖਾਉਂਦੇ ਹੋਏ ।

# ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਧਾਰਮਿਕ ਸਮਾਗਮ ਕਰਵਾਇਆ

ਮੋਗਾ, 1 ਜਨਵਰੀ (ਭਵਨਦੀਪ ਸਿੰਘ ਪੁਰਬਾ)- ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਡਾ। ਅਮਨਦੀਪ ਕੌਰ ਅਰੋੜਾ (ਐਮ।ਐਲ।ਏ। ਮੋਗਾ) ਵੱਲੋਂ ਬੀਤੀ ਸ਼ਾਮ ਵਿਸ਼ਵਕਰਮਾ ਭਵਨ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਸ਼ਹੀਦੀ ਸਮਾਗਮ ਦੌਰਾਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਰਾਗੀ ਜੱਥਿਆਂ ਨੇ ਵੈਰਾਗਮਈ ਗੁਰਬਾਣੀ ਦਾ ਕੀਰਤਨ ਕੀਤਾ। ਇਸ ਮੌਕੇ ਨੌਜਵਾਨਾਂ ਨੇ ਕਵੀਸ਼ਰੀਆਂ ਅਤੇ ਗਾਇਕ ਕਲਾਕਾਰਾਂ ਨੇ ਸਿੱਖ ਇਤਿਹਾਸ ਵਿਚੋਂ ਬੀਰਰਸੀ ਰਚਨਾਵਾਂ ਨਾਲ ਸੰਗਤਾਂ ਨੂੰ ਪ੍ਰਭਾਵਿਤ ਕੀਤਾ। ਕਥਾਵਾਚਕ ਵੱਲੋਂ ਸਰਬੰਸ ਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੁੱਚੇ ਪਰਿਵਾਰ ਦੇ ਖੇਰੂੰ ਖੇਰੂੰ ਹੋਣ ਅਤੇ ਅਨੇਕਾਂ ਸਿੰਘਾਂ ਦੀਆਂ ਕੁਰਬਾਨੀਆਂ ਦਾ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਇਆ ਗਿਆ।





ਇਸ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਤੋਂ ਇਲਾਵਾ ਸ਼ਹਿਰਵਾਸੀ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸਮਾਗਮ ਵਿਚ ਸ਼ਾਮਲ ਹੋਏ ਅਤੇ ਗੁਰੂ ਚਰਨਾਂ ਵਿਚ ਨਤਮਸਤਕ ਹੋ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਆਸ਼ੀਰਵਾਦ ਲੈਂਦਿਆਂ ਮਹਾਨ ਸ਼ਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ ਕੀਤਾ। ਸਮਾਗਮ ਦੇ ਅੰਤ ਵਿਚ ਵਿਧਾਇਕਾ ਡਾ: ਅਮਨਦੀਪ ਕੌਰ ਅਰੋੜਾ ਦੇ ਪਤੀ ਡਾ: ਰਾਕੇਸ਼ ਅਰੋੜਾ ਨੇ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਲੰਗਰ ਦੀ ਸੇਵਾ ਨਿਭਾਉਂਦਿਆਂ ਆਖਿਆ ਕਿ ਛੋਟੇ ਸਾਹਿਬਜ਼ਾਦਿਆਂ ਦੀ ਕੌਮ ਪ੍ਰਤੀ ਸ਼ਹਾਦਤ ਦੀ ਮਿਸਾਲ ਕਿਧਰੇ ਨਹੀਂ ਮਿਲਦੀ।

ਡਾ: ਰਾਕੇਸ਼ ਅਰੋੜਾ ਨੇ ਆਖਿਆ ਕਿ ਜਿਸ ਸ਼ਿੱਦਤ ਨਾਲ ਸਾਹਿਬਜ਼ਾਦਿਆਂ ਨੇ ਖਾਲਸਾ ਪੰਥ ਪ੍ਰਤੀ ਆਪਣਾ ਫ਼ਰਜ਼ ਨਿਭਾਇਆ ਹੈ ਉਸ ਲਈ ਸਿੱਖ ਕੌਮ ਉਨ੍ਹਾਂ ਦੀ ਸਦਾ ਰਿਣੀ ਰਹੇਗੀ ਅਤੇ ਸਾਡਾ ਫਰਜ਼ ਬਣਦਾ ਹੈ ਕਿ ਗੁਰੂ ਸਾਹਿਬਾਨ ਵੱਲੋਂ ਬਖਸ਼ੀ ਜੀਵਨ ਸ਼ੈਲੀ ਮੁਤਾਬਕ ਜੀਵਨ ਬਤੀਤ ਕਰਨ ਦੀ ਕੋਸ਼ਿਸ਼ ਕਰੀਏ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

ਸ਼ੇਰਗਿੱਲ
SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com •

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪ੍ਰਾਇਮਰੀ ਸਿੱਖਿਆ ਵਿੱਚ 2023 ਤੋਂ ਉਮੀਦਾਂ



ਮਹਾਂਮਾਰੀ ਦੇ ਕਾਰਨ ਸਕੂਲ ਦੇ ਦੋ ਸਾਲਾਂ ਦੇ ਬੇਮਿਸਾਲ ਬੰਦ ਹੋਣ ਤੋਂ ਬਾਅਦ, 2022 ਨੇ ਪ੍ਰਾਇਮਰੀ ਸਕੂਲਿੰਗ ਪ੍ਰਣਾਲੀ ਨੂੰ ਮੁੜ ਜੀਵਿਤ ਕੀਤਾ। ਓਮਿਕਰੋਨ ਵੇਵ ਦੀ ਬਦੌਲਤ ਪਹਿਲੀ ਤਿਮਾਹੀ ਦੇ ਔਨ-ਹੁਣ, ਔਫ-ਹੁਣ ਮੋਡ ਤੋਂ ਬਾਅਦ, ਸਾਡੇ ਕੋਲ ਅਪ੍ਰੈਲ ਤੋਂ ਦੇਸ਼ ਭਰ ਦੇ ਸਕੂਲ ਘੱਟ ਜਾਂ ਘੱਟ ਲਗਾਤਾਰ ਕੰਮ ਕਰਦੇ ਹਨ। ਇੱਕ ਸੁਸਤ ਪ੍ਰਣਾਲੀ ਨੂੰ ਜੀਵਨ ਵਿੱਚ ਵਾਪਸ ਲਿਆਉਣਾ, ਅਤੇ 'ਪੁਰਾਣੇ ਆਮ' ਨੂੰ ਅਪਣਾਉਣਾ ਸਿੱਖਿਅਕਾਂ, ਮਾਪਿਆਂ, ਪ੍ਰਸ਼ਾਸਕਾਂ ਅਤੇ ਸਭ ਤੋਂ ਵੱਧ, ਬੱਚਿਆਂ ਲਈ ਚੁਣੌਤੀਪੂਰਨ ਰਿਹਾ ਹੈ। ਪਰ ਜਿਵੇਂ ਕਿ ਸਾਡੇ ਉੱਪਰੋਂ ਲੰਘਣ ਵਾਲੇ ਹਰ ਕਾਲੇ ਬੱਦਲ ਦੀ ਸਥਿਤੀ ਹੈ, ਇੱਥੇ ਹਮੇਸ਼ਾਂ ਕੁਝ ਚਾਂਦੀ ਦੀਆਂ ਲਾਈਨਾਂ ਹੁੰਦੀਆਂ ਹਨ ਜਿਨ੍ਹਾਂ ਤੋਂ ਅਸੀਂ ਸਿੱਖ ਸਕਦੇ ਹਾਂ ਅਤੇ ਇਸਨੂੰ 2023 ਅਤੇ ਇਸ ਤੋਂ ਬਾਅਦ ਅੱਗੇ ਲਿਜਾ ਸਕਦੇ ਹਾਂ। ਇੱਕ, ਪ੍ਰਾਇਮਰੀ ਸਕੂਲਾਂ ਵਿੱਚ ਸਿਹਤ ਅਤੇ ਸੁਰੱਖਿਆ ਦੇ ਉਪਾਅ 'ਹੋਣੇ ਚੰਗੇ' ਨਹੀਂ ਹਨ ਪਰ 'ਹੋਣੇ ਲਾਜ਼ਮੀ' ਹਨ। ਮਹਾਂਮਾਰੀ ਸ਼ਾਇਦ ਘੱਟ ਗਈ ਹੋਵੇ, ਪਰ ਵਾਰ-ਵਾਰ ਹੱਥ ਧੋਣ ਦੇ ਰੁਟੀਨ, ਬਿਮਾਰ ਬੱਚਿਆਂ (ਅਤੇ ਸਟਾਫ) ਨੂੰ ਘਰ ਵਿੱਚ ਰੱਖਣ, ਸਕੂਲ ਦੇ ਅਹਾਤੇ ਦੀ ਵਾਰ-ਵਾਰ ਡੂੰਘੀ ਸਫ਼ਾਈ, ਅਤੇ ਸਮੇਂ-ਸਮੇਂ 'ਤੇ ਦਿੱਤੇ ਜਾਣ ਵਾਲੇ ਭੋਜਨ ਅਤੇ ਪਾਣੀ ਦੇ ਨਮੂਨੇ ਲੈਣ ਅਤੇ ਪਰੋਸੇ ਜਾਣ ਵਾਲੇ ਪਾਣੀ ਦੇ ਨਮੂਨੇ ਲੈਣ ਅਤੇ ਟੈਸਟ ਕਰਨ ਬਾਰੇ ਸਿੱਖੇ ਗਏ ਸਬਕ ਇੱਕ ਮਿਆਰੀ ਓਪਰੇਟਿੰਗ ਪ੍ਰਕਿਰਿਆ ਹੋਣ ਦੀ ਲੋੜ ਹੈ। ਹਰ ਪ੍ਰਾਇਮਰੀ ਸਕੂਲ ਵਿੱਚ, ਘੱਟ ਇਮਿਊਨਿਟੀ ਦਿੱਤੀ ਜਾਂਦੀ ਹੈ ਜੋ ਬਹੁਤ ਛੋਟੇ ਬੱਚੇ ਦੀ ਹੋ ਸਕਦੀ ਹੈ। ਦੋ, ਬੱਚਿਆਂ ਨੂੰ ਪ੍ਰਕੋਪ ਤੋਂ ਬਚਾਉਣ ਲਈ ਉਨ੍ਹਾਂ ਨੂੰ ਘਰ ਵਿੱਚ ਰੱਖਣਾ ਉਨ੍ਹਾਂ ਦੀ ਭਾਵਨਾਤਮਕ ਅਤੇ ਸਮਾਜਿਕ ਸਿਹਤ 'ਤੇ ਲੰਬੇ ਸਮੇਂ ਲਈ ਪ੍ਰਭਾਵ ਪਾਉਂਦਾ ਹੈ। ਬਹੁਤ ਸਾਰੇ ਪੱਛਮੀ ਦੇਸ਼ਾਂ ਨੇ ਭਾਰਤ ਨਾਲੋਂ ਬਹੁਤ ਪਹਿਲਾਂ ਆਪਣੇ ਸਕੂਲ ਖੋਲ੍ਹੇ ਸਨ; ਅਸਲ ਵਿੱਚ ਕੁਝ ਸਕੈਂਡੇਨੇਵੀਅਨ ਸਕੂਲ ਕਦੇ ਬੰਦ ਨਹੀਂ ਹੋਏ - ਭਾਰਤ ਨੇ ਸਕੂਲਾਂ ਤੋਂ ਬਹੁਤ ਪਹਿਲਾਂ ਆਪਣੇ ਪੱਬਾਂ ਨੂੰ ਖੁੱਲ੍ਹਿਆ ਦੇਖਿਆ। ਪ੍ਰਾਇਮਰੀ ਸਾਲਾਂ ਵਿੱਚ, ਬੱਚੇ ਸਮਾਜਕ ਪਰਸਪਰ ਕ੍ਰਿਆਵਾਂ ਰਾਹੀਂ ਬਹੁਤ ਜ਼ਿਆਦਾ ਸਿੱਖਦੇ ਹਨ, ਅਤੇ ਦੋ ਸਾਲਾਂ ਲਈ ਗੁਆਚਣਾ ਇਸ ਦਾ ਪ੍ਰਭਾਵ ਦਿਖਾ ਰਿਹਾ ਹੈ ਕਿਉਂਕਿ ਬੱਚੇ ਸਕੂਲ ਵਿੱਚ ਵਾਪਸ ਆਉਂਦੇ ਹਨ - ਧਿਆਨ ਦੀ ਮਿਆਦ ਦੀ ਘਾਟ, ਵਧੀ ਹੋਈ ਮਨੋਵਿਗਿਆਨਕ ਪ੍ਰੇਸ਼ਾਨੀ ਅਤੇ ਭਾਸ਼ਾ ਦੇ ਹੁਨਰ ਵਿਕਾਸ ਵਿੱਚ ਕਮੀਆਂ ਸਭ ਕੁਝ ਸਪੱਸ਼ਟ ਹਨ। ਦੇਸ਼ ਭਰ ਵਿੱਚ ਪ੍ਰਾਇਮਰੀ ਸਕੂਲ। ਸਹੀ ਪਹੁੰਚ ਬੱਚਿਆਂ ਨੂੰ ਸਕੂਲ ਵਿੱਚ ਰੱਖਣ ਅਤੇ ਸੁਰੱਖਿਅਤ ਰੱਖਣ ਦੇ ਤਰੀਕੇ ਬਣਾਉਣਾ ਸੀ, ਨਾ ਕਿ ਇਸਨੂੰ ਬੰਦ ਕਰਨ ਦੀ। ਤਿੰਨ, ਐਡ-ਟੈਕ ਕਲਾਸ ਵਿੱਚ ਹੋਣ ਦਾ ਇੱਕ ਬਹੁਤ ਵੱਡਾ ਲਾਭ ਹੈ, ਪਰ ਕਲਾਸ ਦਾ ਬਦਲ ਨਹੀਂ ਹੈ, ਅਤੇ ਯਕੀਨੀ ਤੌਰ 'ਤੇ ਪ੍ਰਾਇਮਰੀ ਸਕੂਲ ਪੱਧਰ 'ਤੇ ਨਹੀਂ ਹੈ। ਇਸ ਪੱਧਰ 'ਤੇ, ਇੱਕ ਛੋਟੇ ਬੱਚੇ ਨੂੰ ਸਿਰਫ਼ ਸਕਰੀਨ ਰਾਹੀਂ ਸਿੱਖਣ ਦੇ ਨਾਲ ਹੀ ਸਭ ਤੋਂ ਵਧੀਆ ਸਮਝੌਤਾ ਹੁੰਦਾ ਹੈ। ਟੈਕਨਾਲੋਜੀ ਦੇ ਅਸਲ ਫਾਇਦੇ ਉਦੋਂ ਲਾਗੂ ਹੋਣਗੇ ਜਦੋਂ ਇਹਨਾਂ ਨੂੰ ਕਲਾਸਰੂਮ ਦੇ ਬਦਲ ਦੀ ਕੋਸ਼ਿਸ਼ ਕਰਨ ਦੀ ਬਜਾਏ, ਕਲਾਸਰੂਮ ਦੇ ਅੰਦਰ (ਅਤੇ ਬਾਹਰ) ਵਧੀਆਂ ਸਿੱਖਣ ਦੀਆਂ ਵਿਧੀਆਂ ਵਿੱਚ ਰੱਖਿਆ ਜਾਂਦਾ ਹੈ। ਐਡ-ਟੈਕ ਰਾਹੀਂ 2022 ਤੱਕ ਪਾਠਕ੍ਰਮ ਡਿਲੀਵਰੀ ਅਤੇ ਰੁਝੇਵਿਆਂ ਵਿੱਚ ਕੀਤੇ ਲਾਭ ਭਵਿੱਖ ਦੇ ਕਲਾਸਰੂਮਾਂ ਵਿੱਚ ਵਾਧਾ ਕਰਦੇ ਹੋਏ ਦਿਖਾਈ ਦੇਣਗੇ, ਜਿੱਥੇ ਵਰਚੁਅਲ ਵਾਸਤਵਿਕਤਾਵਾਂ ਅਤੇ ਗੇਮਫੀਕੇਸ਼ਨ ਕਲਾਸ ਵਿੱਚ ਪਾਠਕ੍ਰਮ ਪ੍ਰਦਾਨ ਕਰਨ ਵਿੱਚ ਇੱਕ ਵੱਡੀ ਭੂਮਿਕਾ ਨਿਭਾਉਂਦੇ ਹਨ। ਚਾਰ, ਇੱਕ ਬੱਚੇ ਨੂੰ ਪਾਲਣ ਲਈ ਇੱਕ ਪਿੰਡ ਲੱਗਦਾ ਹੈ ਜੋ ਉਹ ਕਹਿੰਦੇ ਹਨ, ਅਤੇ ਅਜਿਹਾ ਕੋਈ ਸਮਾਂ ਨਹੀਂ ਹੈ ਕਿ ਇਹ ਸੱਚ ਹੈ। ਅਧਿਆਪਕਾਂ, ਪ੍ਰਸ਼ਾਸਕਾਂ ਅਤੇ ਮਾਪਿਆਂ ਨੂੰ ਸਾਰਿਆਂ ਨੂੰ ਇਕੱਠੇ ਹੋਣਾ ਚਾਹੀਦਾ ਹੈ ਅਤੇ ਬੱਚਿਆਂ ਨੂੰ ਉਹਨਾਂ ਲਈ ਇੱਕ ਪੂਰੀ ਤਰ੍ਹਾਂ ਨਵੀਂ ਰੁਟੀਨ - ਦੂਜੇ ਬੱਚਿਆਂ ਦੇ ਨਾਲ ਸਕੂਲ ਜਾਣ ਦੀ ਸਥਿਤੀ ਵਿੱਚ ਵਾਪਸ ਸੈਟਲ ਹੁੰਦੇ ਦੇਖਣ ਲਈ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਕੰਮ ਕਰਨਾ ਹੋਵੇਗਾ। ਅਤੇ ਅੰਤ ਵਿੱਚ, ਪਰ ਕਿਸੇ ਵੀ ਤਰ੍ਹਾਂ ਘੱਟ ਤੋਂ ਘੱਟ, ਸਾਡੇ ਸਮਾਜ ਦੇ ਅਸਲ ਨਾਇਕਾਂ ਨੂੰ ਮਹਾਂਮਾਰੀ ਅਤੇ 2022 ਵਿੱਚ ਪਰਿਭਾਸ਼ਿਤ ਕੀਤਾ ਗਿਆ ਸੀ - ਅਤੇ ਉਹ ਸਾਡੇ ਅਧਿਆਪਕ ਹਨ। ਕਾਰਪੋਰੇਟ ਜੀਵਨ ਦੇ ਵੱਡੇ ਪੈਸਿਆਂ ਦਾ ਭੁਗਤਾਨ ਨਹੀਂ ਕੀਤਾ ਗਿਆ, ਇਹ ਪੁਰਸ਼ ਅਤੇ ਔਰਤਾਂ ਨੌਜਵਾਨ ਦਿਮਾਗਾਂ ਨੂੰ ਸਿੱਖਿਅਤ ਕਰਨ ਦੇ ਆਪਣੇ ਜਨੂੰਨ ਲਈ ਬੇਅੰਤ ਅਤੇ ਅਣਥੱਕ ਕੰਮ ਕਰਦੇ ਹਨ, ਅਤੇ ਨਿਸ਼ਚਤ ਤੌਰ 'ਤੇ ਇਹ ਸਮਾਂ ਆ ਗਿਆ ਹੈ ਕਿ ਅਸੀਂ ਉਨ੍ਹਾਂ ਨੂੰ ਉਸ ਲਈ ਮਨਾਈਏ ਜਿਸਦੀ ਉਹ ਅਸਲ ਵਿੱਚ ਪ੍ਰਤੀਨਿਧਤਾ ਕਰਦੇ ਹਨ। ਲੌਕਡਾਊਨ ਦੇ ਸਮੇਂ ਦੌਰਾਨ ਉਨ੍ਹਾਂ ਦੀਆਂ ਕਾਢਾਂ ਨੇ ਸਾਡੇ ਬੱਚਿਆਂ ਨੂੰ ਸਾਰੀਆਂ ਮੁਸ਼ਕਲਾਂ ਦੇ ਬਾਵਜੂਦ ਆਪਣੀ ਪੜ੍ਹਾਈ ਜਾਰੀ ਰੱਖਣ ਵਿੱਚ ਮਦਦ ਕੀਤੀ, ਅਤੇ ਫਿਰ ਵੀ ਇਹ ਸਮਾਜ ਸੀ ਜਿਸ ਨੇ ਸਭ ਤੋਂ ਵੱਧ ਨੌਕਰੀ ਤੋਂ ਕੱਢੇ ਜਾਂ ਛੁੱਟੀ ਵਾਲੇ ਕਰਮਚਾਰੀਆਂ ਨੂੰ ਦੇਖਿਆ।ਦੇਸ਼ ਵਿੱਚ ਸਮੂਹ। ਸ਼ਾਇਦ ਹੁਣ ਸਮਾਂ ਆ ਗਿਆ ਹੈ ਕਿ ਸਰਕਾਰ, ਮਾਪੇ ਅਤੇ ਸਕੂਲ ਪ੍ਰਬੰਧਕ ਇਕੱਠੇ ਹੋ ਕੇ ਇਹ ਯਕੀਨੀ ਬਣਾਉਣ ਕਿ ਵੱਧ ਤੋਂ ਵੱਧ ਨੌਜਵਾਨ ਇਸ ਉੱਤਮ ਕਿੱਤੇ ਨਾਲ ਜੁੜਣ, ਅਤੇ ਉਹਨਾਂ ਨੂੰ ਉਹਨਾਂ ਦੇ ਜਨੂੰਨ ਤੋਂ ਥੋੜਾ ਜਿਹਾ ਹੋਰ ਵੀ ਨਿਵਾਜਿਆ ਜਾਵੇ।

*-ਵਿਜੈ ਗਰਗ*
*ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ*
*ਐਜੂਕੇਸ਼ਨਲ ਕਾਲਮਨਿਸਟ ਮਲੋਟ*
*ਪੰਜਾਬ।*

# ਗਣਿਤ ਵਿਚ 100% ਅੰਕ ਕਿਵੇਂ ਹਾਸਲ ਕਰੀਏ



ਲੋਕ ਕਹਿੰਦੇ ਹਨ ਕਿ ਸਿਰਫ ਮਨਘੜਤ ਸੋਚ ਵਾਲੇ ਵਿਦਿਆਰਥੀ ਗਣਿਤ ਨੂੰ ਸਮਝਦੇ ਹਨ। ਪਰ ਅਜਿਹਾ ਨਹੀਂ ਹੈ। ਗਣਿਤ ਇਕ ਵਿਸ਼ਾ ਹੈ ਜੋ ਵਿਦਿਆਰਥੀਆਂ ਵਿਚ ਤਰਕਸ਼ੀਲ ਸੋਚ ਅਤੇ ਤਰਕਸ਼ੀਲ ਪਹੁੰਚ ਨੂੰ ਵਿਕਸਤ ਕਰਨ ਵਿਚ ਸਹਾਇਤਾ ਕਰਦਾ ਹੈ। ਗਣਿਤ ਵਿਚ ਤੁਹਾਡੇ ਅੰਕਾਂ ਨੂੰ ਬਿਹਤਰ ਬਣਾਉਣ ਲਈ ਅਤੇ ਇਥੋਂ ਤਕ ਕਿ ਤੁਹਾਨੂੰ ਗਣਿਤ ਵਿਚ ਪੂਰੇ ਅੰਕ ਪ੍ਰਾਪਤ ਕਰਨ ਵਿਚ ਸਹਾਇਤਾ ਲਈ ਕੁਝ ਸੁਝਾਅ ਦਿੱਤੇ ਗਏ ਹਨ।

ਪ੍ਰੀਖਿਆ ਦੀ ਤਿਆਰੀ ਦੌਰਾਨ:

ਸਿਧਾਂਤ, ਫਾਰਮੂਲੇ ਅਤੇ ਵਿਧੀਆਂ ਲਈ ਇੱਕ ਵੱਖਰਾ ਰਜਿਸਟਰ ਬਣਾਓ, ਗਣਿਤ ਸਾਰੇ ਸਿਧਾਂਤ, ਸੰਕਲਪਾਂ ਅਤੇ ਫਾਰਮੂਲੇ ਬਾਰੇ ਹੈ,

ਸਮੱਸਿਆਵਾਂ ਆਪਣੇ ਆਪ ਹੱਲ ਕਰੋ:

ਵੱਖੋ ਵੱਖਰੀਆਂ ਕਿਸਮਾਂ ਦੀਆਂ ਸਮੱਸਿਆਵਾਂ ਵਿਚੋਂ ਲੰਘਣਾ ਅਤੇ ਸਮਝਣਾ ਚੰਗਾ ਹੁੰਦਾ ਹੈ, ਉਹਨਾਂ ਨੂੰ ਆਪਣੇ ਆਪ ਹੱਲ ਕਰਨਾ ਬਹੁਤ ਜ਼ਰੂਰੀ ਹੈ। ਸਿਧਾਂਤ ਅਤੇ ਸੰਕਲਪ ਨੂੰ ਜਾਣਨਾ ਜ਼ਰੂਰੀ ਹੈ ਪਰ ਉਹਨਾਂ ਦੀ ਅਰਜ਼ੀ ਨੂੰ ਸਿੱਖਣਾ ਅਯੋਗ ਹੈ ਜੇ ਤੁਸੀਂ ਗਣਿਤ ਵਿਚ ਪੂਰੇ ਅੰਕ ਪ੍ਰਾਪਤ ਕਰਨਾ ਚਾਹੁੰਦੇ ਹੋ। ਤਾਂ ਤੁਹਾਨੂੰ ਹਰੇਕ ਪ੍ਰਸ਼ਨ ਨੂੰ ਆਪਣੇ ਆਪ ਹੱਲ ਕਰਨਾ ਪਏਗਾ, ਸਮੇਂ ਦੇ ਨਾਲ ਘੱਟੋ ਘੱਟ 3-4 ਵਾਰ।

ਆਪਣੇ ਸਿਲੇਬਸ ਨੂੰ ਸਮਝੋ:

ਆਪਣੇ ਸਿਲੇਬਸ ਨੂੰ ਹਿੱਸਿਆਂ ਅਤੇ ਵੱਖ ਵੱਖ ਭਾਗਾਂ ਵਿੱਚ ਵੰਡ ਕੇ ਸਮਝਣਾ,ਤੁਹਾਨੂੰ ਇਹ ਫੈਸਲਾ ਕਰਨ ਵਿਚ ਸਹਾਇਤਾ ਕਰਦਾ ਹੈ ਕਿ ਸਿਲੇਬਸ ਦੇ ਹਰੇਕ ਭਾਗ ਨੂੰ ਕਿੰਨਾ ਸਮਾਂ ਸਮਰਪਿਤ ਕਰਨਾ ਹੈ।

ਦੁਹਰਾਈ ਕਰਦੇ ਰਹੋ: ਇੱਕ ਵਾਰ ਜਦੋਂ ਤੁਸੀਂ ਪੇਪਰ ਲਿਖਣ ਤੋਂ ਬਾਅਦ ਆਓਗੇ, ਇੱਕ ਡੂੰਘੀ ਸਾਹ ਲਓ ਅਤੇ ਇਸ ਨੂੰ ਚੰਗੀ ਤਰ੍ਹਾਂ ਸੰਸ਼ੋਧਨ ਕਰੋ। ਪਹਿਲੇ ਰਵੀਜ਼ਨ ਵਿੱਚ ਜਾਂਚ ਕਰੋ ਕਿ ਕੀ ਤੁਸੀਂ ਸਾਰੇ ਪ੍ਰਸ਼ਨਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਹੈ ਜਾਂ ਨਹੀਂ। ਇਹ ਮਹੱਤਵਪੂਰਨ ਹੈ ਕਿਉਂਕਿ ਤੁਸੀਂ ਸ਼ਾਇਦ ਕਿਸੇ ਦਿੱਤੇ ਕ੍ਰਮ ਵਿੱਚ ਪ੍ਰਸ਼ਨਾਂ ਦਾ ਹੱਲ ਨਹੀਂ ਕੀਤਾ। ਜੇ ਸਮਾਂ ਅਜੇ ਵੀ ਬਚਿਆ ਹੈ, ਇਕ ਵਾਰ ਫਿਰ ਸ਼ੀਟ ਵਿੱਚੋਂ ਪੜ੍ਹ ਲਵੋ!

ਗਣਿਤ ਵਿਚ 100/100 ਅੰਕ ਪ੍ਰਾਪਤ ਕਰਨ ਲਈ, ਪਹਿਲਾਂ ਸੰਕਲਪ ਨੂੰ ਸਮਝੋ ਅਤੇ ਫਿਰ ਜਿੰਨਾ ਸੰਭਵ ਹੋ ਸਕੇ ਮੁਸ਼ਕਲਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕਰੋ। ਯਾਦ ਰੱਖੋ ਕਿ ਗਣਿਤ ਵਿੱਚ ਕੋਈ ਸ਼ਾਰਟਕੱਟ ਨਹੀਂ ਹਨ!

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ*
*ਕਾਲਮਨਿਸਟ ਮਲੋਟ ਪੰਜਾਬ*

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

* ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੇ ਧਾਰਮਿਕ ਦੀਵਾਨ *ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਗਏ ਅਲੌਕਿਕ ਜਲੌ





ਅੰਮ੍ਰਿਤਸਰ, 1 ਜਨਵਰੀ (ਗਿਆਨ ਸਿੰਘ)- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰਬੰਸਦਾਨੀ, ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਅੰਮ੍ਰਿਤ ਵੇਲੇ ਤੋਂ ਹੀ ਪੁੱਜਣੀਆਂ ਸ਼ੁਰੂ ਹੋ ਗਈਆਂ ਸਨ ਅਤੇ ਸਾਰਾ ਦਿਨ ਸੰਗਤ ਦੀ ਆਮਦ ਨਿਰੰਤਰ ਬਣੀ ਰਹੀ। ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁ-ਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਦਰਸ਼ਨ ਕਰਕੇ ਸੰਗਤ ਨੇ ਅਨੰਦ ਮਾਣਿ-ਆ।

ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਨ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਅਤੇ ਸੰਗਤ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਰਾ ਦਿਨ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਹਾਜਰੀ ਭਰੀ ਅਤੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ। ਹਰਜਾਪ ਸਿੰਘ ਸੁਲਤਾਨਵਿੰਡ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ। ਸਤਨਾਮ ਸਿੰਘ ਮਾਂਗਾਸਰਾਏ, ਸੁਪ੍ਰਿੰਟੈਂਡੈਂਟ ਸ। ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ। ਸੁਖਰਾਜ ਸਿੰਘ, ਵਧੀਕ ਮੈਨੇਜਰ ਸ। ਇਕਬਾਲ ਸਿੰਘ ਮੁੱਖੀ, ਸ। ਬਿਕਰਮਜੀਤ ਸਿੰਘ ਸੁਪਰਵਾਈਜ਼ਰ ਸ ਕਾਬਲ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਦਸਵੇਂ ਪਾਤਸ਼ਾਹ ਦੇ ਪ੍ਰਕਾਸ਼ ਗੁਰਪੁਰਬ ਦੀ ਦਿੱਤੀ ਵਧਾਈ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸਮੂਹ ਸੰਗਤ ਨੂੰ ਵਧਾਈ ਦਿੰਦਿਆਂ ਆਖਿਆ ਕਿ ਦਸਮ ਪਾਤਸ਼ਾਹ ਜੀ ਦਾ ਸਾਰਾ ਜੀਵਨ ਹੀ ਮਨੁੱਖਤਾ ਲਈ ਮਾਰਗ ਦਰਸ਼ਨ ਹੈ। ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿਚ ਕਿਹਾ ਕਿ ਗੁਰੂ ਸਾਹਿਬ ਇੱਕ ਕ੍ਰਾਂਤੀਕਾਰੀ ਰਹਿਬਰ ਸਨ, ਜਿਨ੍ਹਾਂ ਨੇ ਮਨੁੱਖਤਾ ਅੰਦਰ ਜਬਰ-ਜ਼ੁਲਮ ਵਿਰੁੱਧ ਡਟਣ ਦਾ ਜਜ਼ਬਾ ਤੇ ਸਾਹਸ ਪੈਦਾ ਕੀਤਾ। ਉਨ੍ਹਾਂ ਆਖਿਆ ਕਿ ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿਚ ਢਾਲਣਾ ਚਾਹੀਦਾ ਹੈ ਅਤੇ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਤੱਤਪਰ ਰਹਿਣਾ ਚਾਹੀਦਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਫੈਲੀਆਂ ਸਮਾਜਿਕ ਬੁਰਾਈਆਂ ਦੇ ਖ਼ਾਤਮੇ ਲਈ ਸੰਗਤ ਨੂੰ ਸੱਦਾ ਦਿੰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਅਤੇ ਬੱਚਿਆਂ ਨੂੰ ਦਸਵੇਂ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ ।

## ਬਾਲ ਲੇਖ



# ਪੰਛੀ

ਮੈਨੂੰ ਪੰਛੀ ਬਹੁਤ ਚੰਗੇ ਲੱਗਦੇ ਹਨ। ਮੈਂ ਇਨ੍ਹਾਂ ਨੂੰ ਰੋਟੀ ਪਾਉਂਦੀ ਹਾਂ। ਪੰਛੀ ਰੰਗ - ਬਿਰੰਗੇ ਹੁੰਦੇ ਹਨ। ਸਾਡੇ ਸਕੂਲ ਵਿੱਚ ਵੀ ਪੰਛੀ ਆਉਂਦੇ ਹਨ। ਸਾਡੇ ਅਧਿਆਪਕ ਇਨ੍ਹਾਂ ਨੂੰ ਦਾਣੇ - ਰੋਟੀ ਪਾਉਂਦੇ ਹਨ। ਅਸੀਂ ਪੰਛੀਆਂ ਨੂੰ ਪਾਣੀ ਵੀ ਰੱਖਦੇ ਹਾਂ। ਮੈਨੂੰ ਕਾਂ , ਕਬੂਤਰ , ਗੁਟਾਰ , ਤੋਤੇ , ਚਿੜੀਆਂ ਪੰਛੀ ਚੰਗੇ ਲੱਗਦੇ ਹਨ। ਸਾਡੇ ਅਧਿਆਪਕ ਜੀ ਦੱਸਦੇ ਹਨ ਕਿ ਪੰਛੀਆਂ ਨੂੰ ਮਾਰਨਾ ਨਹੀਂ ਚਾਹੀਦਾ । ਪੰਛੀਆਂ ਨੂੰ ਚਾਵਲ , ਬਾਜਰਾ , ਪਾਣੀ , ਰੋਟੀ ਦੇਣੀ ਚਾਹੀਦੀ ਹੈ। ਪੰਛੀ ਸਾਡੇ ਦੋਸਤ ਹਨ। ਪੰਛੀ ਬਹੁਤ ਸੁੰਦਰ ਹੁੰਦੇ ਹਨ। ਇਨ੍ਹਾਂ ਦੀਆਂ ਆਵਾਜ਼ਾਂ ਚੰਗੀਆਂ ਲੱਗਦੀਆਂ ਹਨ।

ਪਰਵੀਨ ਕੌਰ, ਜਮਾਤ - ਤੀਸਰੀ,
ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗੰਭੀਰਪੁਰ ਲੋਅਰ, ਸੈਂਟਰ - ਢੇਰ , ਸਿੱਖਿਆ ਬਲਾਕ - ਸ੍ਰੀ ਅਨੰਦਪੁਰ ਸਾਹਿਬ ,
ਜ਼ਿਲ੍ਹਾ - ਰੂਪਨਗਰ ( ਪੰਜਾਬ )



ਪਰਵੀਨ ਕੌਰ

ਜਮਾਤ ਇੰਨਚਾਰਜ ਤੇ ਗਾਈਡ ਅਧਿਆਪਕ - ਸਟੇਟ ਅਵਾਰਡੀ ਮਾਸਟਰ ਸੰਜੀਵ ਧਰਮਾਣੀ ( ਇੰਡੀਆ ਬੁੱਕ ਆੱਫ਼ ਰਿਕਾਰਡਜ਼ ਹੋਲਡਰ )




# ਭਾਰੀ ਠੰਡ ਦੇ ਬਾਵਜੂਦ ਹੈਮਿਲਟਨ ਵਿਚ ਹੋਈ 'ਬਾਕਸਿੰਗ-ਡੇਅ 10 ਮੀਲ ਦੌੜ' ਵਿਚ ਸੰਜੂ ਗੁਪਤਾ ਨੇ ਲਿਆ ਹਿੱਸਾ



ਬਰੈਂਪਟਨ, (ਡਾ. ਝੰਡ) - ਕੈਨੇਡਾ ਦੇ ਉੱਤਰ-ਦੱਖਣੀ ਹਿੱਸੇ ਪਿਛਲੇ ਹਫ਼ਤੇ ਸਨੋਅ-ਸਟੋਰਮ ਦੇ ਆਉਣ ਨਾਲ ਮੌਸਮ ਦਾ ਮਿਜਾਜ਼ ਕਾਫ਼ੀ ਵਿਗੜ ਗਿਆ। ਨਤੀਜੇ ਵਜੋਂ, ਮੌਸਮੀ ਥਰਮਾਮੀਟਰ ਦਾ ਪਾਰਾ ਮਨਫ਼ੀ ਵਾਲੇ ਪਾਸੇ ਕਾਫ਼ੀ ਥੱਲੇ ਚਲੇ ਗਿਆ ਅਤੇ ਇਸ ਸਮੇਂ ਠੰਢ ਵਿੱਚ ਚੋਖਾ ਵਾਧਾ (ਮਨਫ਼ੀ 16 ਸੈਂਟੀਗਰੇਡ ਤੱਕ) ਹੋ ਗਿਆ। ਪਰ ਜਿਵੇਂ ਕਿਹਾ ਜਾਂਦਾ ਕਿ 'ਕਾਫ਼ਲੇ ਤੂਫ਼ਾਨਾਂ ਵਿੱਚ ਵੀ ਚੱਲਦੇ ਰਹਿੰਦੇ ਹਨ', ਬਿਲਕੁਲ ਓਸੇ ਤਰ੍ਹਾਂ ਹੈਮਿਲਟਨ ਵਿਚ ਹੋਣ ਵਾਲੀ 10 ਮੀਲ (16 ਕਿਲੋਮੀਟਰ) ਦੌੜ ਜੋ ਪਿਛਲੇ ਕਈ ਸਾਲਾਂ ਤੋਂ 'ਬਾਕਸਿੰਗ-ਡੇਅ' ਵਾਲੇ ਦਿਨ 26 ਦਸੰਬਰ ਨੂੰ ਕਰਵਾਈ ਜਾਂਦੀ ਹੈ, ਦੇ ਪ੍ਰਬੰਧਕਾਂ ਵੱਲੋਂ ਨਿਸਚਿਤ ਬਾਕਸਿੰਗ ਡੇਅ ਵਾਲੇ ਦਿਨ ਲੰਘੇ ਸੋਮਵਾਰ 26 ਦਸੰਬਰ ਨੂੰ ਕਰਵਾਈ ਗਈ। ਬਰੈਂਪਟਨ ਵਿਚ ਰਹਿੰਦੇ ਸੰਜੂ ਗੁਪਤਾ ਜੋ ਇਸ ਮਿਆਰੀ ਦੌੜ ਵਿਚ ਪਹਿਲਾਂ ਵੀ ਚਾਰ ਵਾਰ ਭਾਗ ਲੈ ਚੁੱਕਾ ਹੈ, ਨੇ ਇਸ ਵਿਚ ਪੰਜਵੀਂ ਵਾਰ ਬੜੇ ਉਤਸ਼ਾਹ ਨਾਲ ਸਫ਼ਲਤਾ-ਪੂਰਵਕ ਹਿੱਸਾ ਲਿਆ।

ਸੰਸਾਰ-ਭਰ ਵਿਚ ਫ਼ੈਲੀ ਕਰੋਨਾ-ਮਹਾਂਮਾਰੀ ਨੇ ਜੀਵਨ ਦੇ ਹਰੇਕ ਪਹਿਲੂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਹੈਮਿਲਟਨ ਦੀ ਵੱਕਾਰੀ ਦੌੜ ਦਾ ਇਹ ਈਵੈਂਟ ਵੀ ਇਸ ਦੌਰਾਨ ਇਸ ਦੇ ਮਾਰੂ ਅਸਰ ਤੋਂ ਬਚ ਨਹੀਂ ਸਕਿਆ। 26 ਦਸੰਬਰ 2020 ਨੂੰ ਦੌੜ ਦੇ ਇਸ ਈਵੈਂਟ ਦੀ ਪ੍ਰਬੰਧਕਾਂ ਵੱਲੋਂ 100'ਵੀਂ ਵਰ੍ਹੇ-ਗੰਢ ਮਨਾਈ ਜਾਣੀ ਸੀ ਜੋ ਕਰੋਨਾ ਦੇ ਕਾਰਨ ਮੁਲਤਵੀ ਕਰ ਦਿੱਤੀ ਗਈ ਅਤੇ ਇਹ ਇਸ ਦੇ ਅਗਲੇ ਸਾਲ ਵੀ ਜਾਰੀ ਰਹਿਣ ਕਾਰਨ 26 ਦਸੰਬਰ 2021 ਨੂੰ ਨਾ ਮਨਾਈ ਜਾ ਸਕੀ। ਈਵੈਂਟ ਦੇ ਇਸ 'ਮਾਣਮੱਤੇ ਸੌਵੇਂ ਸਾਲ' ਨੂੰ ਇਸ ਸਾਲ ਮਨਾਉਣ ਦਾ ਪ੍ਰਬੰਧਕਾਂ ਅਤੇ ਦੌੜਾਕਾਂ ਵਿੱਚ ਬੜਾ ਜੋਸ਼ ਅਤੇ ਉਤਸ਼ਾਹ ਸੀ। ਦੌੜਾਕ ਵੱਡੀ ਗਿਣਤੀ ਵਿਚ ਇਸ ਵਿਚ ਹਿੱਸਾ ਲੈਣ ਲਈ ਪਹੁੰਚੇ ਅਤੇ ਪ੍ਰਬੰਧਕਾਂ ਵੱਲੋਂ ਇਸ ਦੇ ਲੋੜੀਂਦੇ ਪ੍ਰਬੰਧ ਬਹੁਤ ਵਧੀਆ ਹੀ ਤਰੀਕੇ ਨਾਲ ਕੀਤੇ ਗਏ।

ਸੰਜੂ ਗੁਪਤਾ ਲਈ ਇਸ ਦੌੜ ਵਿਚ ਭਾਗ ਲੈਣ ਦਾ ਪੰਜਵਾਂ ਮੌਕਾ ਸੀ। ਪਹਿਲੀ ਵਾਰ ਉਸ ਨੇ 26 ਦਸੰਬਰ 2016 ਨੂੰ ਇਸ ਵਿਚ ਹਿੱਸਾ ਲਿਆ ਅਤੇ ਉਸ ਦੇ ਵੱਲੋਂ ਇਹ ਸਿਲਸਿਲਾ 26 ਦਸੰਬਰ 2019 ਤੱਕ ਨਿਰਵਿਘਨ ਚੱਲਦਾ ਰਿਹਾ। ਕਰੋਨਾ ਦੇ ਮਾਰੂ ਪ੍ਰਭਾਵ ਕਰਕੇ ਪਿਛਲੇ ਦੋ ਸਾਲ ਇਹ ਈਵੈਂਟ ਨਾ ਹੋ ਸਕਣ ਕਾਰਨ ਉਹ ਹੋਰ ਦੌੜਾਕਾਂ ਦੇ ਨਾਲ ਇਸ ਸਾਲ ਪੰਜਵੀ ਵਾਰ 26 ਦਸੰਬਰ ਨੂੰ ਇਸ ਵਿਚ ਭਾਗ ਲੈ ਸਕਿਆ।

ਦੌੜ ਤੇ ਵਾੱਕ ਦੇ ਇਸ ਈਵੈਂਟ ਵਿਚ ਦੋ ਤਰ੍ਹਾਂ ਦੀਆਂ ਦੌੜਾਂ ਸ਼ਾਮਲ ਸਨ। ਪਹਿਲੀ 10 ਮੀਲ ਦੀ ਅਤੇ ਦੂਸਰੀ 2 ਮੀਲ ਦੀ। ਇਹ ਦੋਵੇਂ ਦੌੜਾਂ ਵਾਈ.ਐੱਮ.ਸੀ.ਏ. ਹਾਲ ਦੇ ਨੇੜੇ 'ਹੱਗਸਨ ਸਟਰੀਟ' 'ਤੇ ਦੋ ਵੱਖ-ਵੱਖ ਥਾਵਾਂ ਤੋਂ ਠੀਕ 12.00 ਵਜੇ ਆਰੰਭ ਹੋਈਆਂ। ਸੰਜੂ ਗੁਪਤਾ ਨੇ ਦਸ ਮੀਲ ਦੀ ਦੌੜ 2 ਘੰਟੇ 11 ਮਿੰਟਾਂ ਵਿਚ ਸਫ਼ਲਤਾ-ਪੂਰਵਕ ਪੂਰੀ ਕੀਤੀ ਅਤੇ ਇਸ ਦੌੜ ਦੇ ਜੇਤੂਆਂ ਵਿਚ ਆਪਣਾ ਨਾਂ ਦਰਜ ਕਰਵਾਇਆ। ਬਾਅਦ ਦੁਪਹਿਰ ਦੋ ਵਜੇ ਸਥਾਨਕ ਮੇਨ-ਜਿਮਨੇਜ਼ੀਅਮ ਹਾਲ ਵਿਚ ਹੋਏ ਇਨਾਮ-ਵੰਡ ਸਮਾਗਮ ਵਿਚ ਸਮੂਹ ਜੇਤੂਆਂ ਨੂੰ 3,200 ਡਾਲਰ ਦੇ ਨਕਦ ਇਨਾਮ ਅਤੇ ਵੱਖ-ਵੱਖ ਉਮਰ-ਵਰਗਾਂ ਦੇ ਜੇਤੂਆਂ ਨੂੰ 'ਸਨੋਅ-ਮੈਨ ਬੈੱਲਟ ਬੱਕਲ ਐਵਾਰਡ' ਪ੍ਰਦਾਨ ਕੀਤੇ ਗਏ। ਇਸ ਤਰ੍ਹਾਂ ਇਹ ਵੱਕਾਰੀ ਈਵੈਂਟ ਸਫ਼ਲਤਾ ਪੂਰਵਕ ਸੰਪੰਨ ਹੋਇਆ।

# ਪ੍ਰਸਿੱਧ ਸ਼ਾਇਰ, ਚਿਤਰਕਾਰ, ਫੋਟੋਗ੍ਰਾਫਰ, ਅਦਾਕਾਰ ਤੇ ਬਹੁਪੱਖੀ ਸ਼ਖ਼ਸ਼ੀਅਤ ਬੀਬਾ ਬਲਵੰਤ ਬਾਰੇ ਦਸਤਾਵੇਜ਼ੀ ਲੋਕ ਅਰਪਣ



ਮੋਗਾ, 1 ਜਨਵਰੀ (ਗਿਆਨ ਸਿੰਘ)- ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵਲੋਂ ਸਾਹਿਤਕ ਸਮਾਗਮ ਕੀਤਾ ਗਿਆ ਜਿਸ 'ਚ ਗੁਰਦਾਸਪੁਰ ਰਹਿੰਦੇ ਪ੍ਰਸਿੱਧ ਸ਼ਾਇਰ, ਅਦਾਕਾਰ, ਫੋਟੋਗ੍ਰਾਫਰ, ਚਿਤਰਕਾਰ ਅਤੇ ਸੈਲਾਨੀ 'ਬੀਬਾ ਬਲਵੰਤ' ਉਪਰ ਅਮਰ ਘੋਲੀਆ ਵਲੋਂ ਬਣਾਈ ਗਈ ਦਸਤਾਵੇਜ਼ੀ ਫਿਲਮ ਸਾਹਿਤਕਾਰਾਂ ਵਲੋਂ ਲੋਕ ਅਰਪਣ ਕੀਤੀ ਗਈ।

ਬੀਬਾ ਬਲਵੰਤ ਦੀ ਸਖ਼ਸ਼ੀਅਤ ਬਾਰੇ ਬੋਲਦਿਆਂ ਪ੍ਰਸਿੱਧ ਸਾਹਿਤਕਾਰ ਕੇ ਐਲ ਗਰਗ ਨੇ ਕਿਹਾ ਕਿ ਬੀਬਾ ਬਲਵੰਤ ਬਹੁ-ਪੱਖੀ ਪ੍ਰਤਿਭਾ ਦਾ ਧਨੀ ਹੈ ਜਿਸਦੀਆਂ ਕਹਾਣੀਆਂ ਨਾਗਮਣੀ ਵਰਗੇ ਪਰਚੇ 'ਚ ਛਪਦੀਆਂ ਰਹੀਆਂ ਹਨ ਤੇ ਉਸਨੂੰ ਅੰਮ੍ਰਿਤਾ ਪ੍ਰੀਤਮ ਦਾ ਥਾਪੜਾ ਮਿਲਦਾ ਰਿਹਾ ਹੈ। ਕੇ ਐਲ ਗਰਗ ਨੇ ਕਿਹਾ ਕਿ ਬੀਬਾ ਬਲਵੰਤ ਇਕ ਮਸਤਮੌਲਾ ਮਨੁੱਖ ਹੈ ਜਿਸਦੇ ਘਰ ਦੇ ਦਰਵਾਜ਼ੇ ਹਮੇਸ਼ਾ ਮਿੱਤਰਾਂ ਦੋਸਤਾਂ ਲਈ ਖੁੱਲ੍ਹੇ ਰਹਿੰਦੇ ਹਨ।

ਬੀਬਾ ਬਲਵੰਤ ਨਾਲ ਗੁਰਦਾਸਪੁਰ ਤੋਂ ਆਏ ਕਹਾਣੀਕਾਰ ਤੇ ਨਾਵਲਕਾਰ ਤਰਸੇਮ ਸਿੰਘ ਭੰਗੂ ਨੇ ਬੀਬਾ ਦੀਆਂ ਸਾਹਿਤਕ ਕਿਰਤਾਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਬੀਬਾ ਬਲਵੰਤ ਨੇ 'ਤੇਰੀਆਂ ਗੱਲਾਂ ਤੇਰੇ ਨਾਂ, ਫੁੱਲਾਂ ਦੇ ਰੰਗ ਕਾਲੇ, ਤੀਜੇ ਪਹਿਰ ਦੀ ਧੁੱਪ, ਅੱਥਰੂ ਗੁਲਾਬ ਹੋਏ, ਕਥਾ ਸਰਾਪੇ ਬਿਰਖ ਦੀ, ਮਨ ਨਾਹੀ ਦਸ ਬੀਸ, ਮਨ ਨਾਹੀ ਵਿਸ਼ਰਾਮ, ਪੰਛੀ ਫਿਰ ਨਾ ਪਰਤਿਆ, ਟੇਲ ਆਫ ਕਰੁਸਟ ਟ੍ਰੀ, ਪਲ ਪਲ ਬਦਲਤੇ ਰੰਗ ਅਤੇ ਸਹਿਜ ਸੁਖ਼ਨ' ਨਾਂ ਦੀਆਂ ਪੁਸਤਕਾਂ ਸਾਹਿਤ ਦੀ ਝੋਲੀ ਪਾਈਆਂ ਹਨ।

ਸ਼ਾਇਰ ਅਮਰ ਸੂਫੀ ਨੇ ਬੀਬਾ ਬਲਵੰਤ ਦੀ ਸਖ਼ਸ਼ੀਅਤ ਦੇ ਵੱਖਰੇ ਵੱਖਰੇ ਪਸਾਰਾਂ ਨੂੰ ਬਿਆਨ ਕਰਦਿਆਂ ਕਿਹਾ ਕਿ ਪੰਜਾਬੀ ਪਾਠਕਾਂ ਨੂੰ ਉਸਦੀ ਰਚਨਾ 'ਤੇ ਹਮੇਸ਼ਾ ਮਾਣ ਰਹੇਗਾ। ਬੀਬਾ ਨੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬੀਆਂ ਦਾ ਨਾਂ ਉੱਚਾ ਕੀਤਾ ਹੈ। ਮੰਚ ਦੇ ਪ੍ਰਧਾਨ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਬੀਬਾ ਬਲਵੰਤ ਅਤੇ ਆਏ ਹੋਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਮਰ ਘੋਲੀਆ ਨੇ ਬੀਬਾ ਬਲਵੰਤ ਉਪਰ ਸ਼ਾਨਦਾਰ ਡਾਕੂਮੈਂਟਰੀ ਬਣਾ ਕੇ ਇਤਿਹਾਸਕ ਦਸਤਾਵੇਜ ਦੀ ਸਿਰਜਣਾ ਕੀਤੀ ਹੈ ਜੋ ਆਉਣ ਵਾਲੀਆਂ ਪੀੜੀਆਂ ਲਈ ਅਗਵਾਈ ਕਰਦੀ ਰਹੇਗੀ। ਮੰਚ ਦੇ ਸਕੱਤਰ ਧਾਮੀ ਗਿੱਲ ਨੇ ਅਮਰ ਘੋਲੀਆ ਨੂੰ ਇਸ ਮਹਾਨ ਕਾਰਜ ਲਈ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪੰਜਾਬੀ ਸਾਹਿਤ ਦੀ ਝੋਲੀ ਭਰਨ ਵਾਲੇ ਸਾਹਿਤਕਾਰਾਂ ਉਪਰ ਅਜਿਹਾ ਦਸਤਾਵੇਜੀ ਕਾਰਜ ਕਰਦਾ ਰਹੇਗਾ।

ਗੁਰਪ੍ਰੀਤ ਧਰਮਕੋਟ ਅਤੇ ਜਗਦੀਸ਼ ਪ੍ਰੀਤਮ ਨੇ ਵੀ ਬੀਬਾ ਬਲਵੰਤ ਅਤੇ ਅਮਰ ਘੋਲੀਆ ਨੂੰ ਮੁਬਾਰਕਬਾਦ ਦਿੱਤੀ। ਅਮਰ ਘੋਲੀਆ ਨੇ ਦੱਸਿਆ ਕਿ ਉਹ ਪ੍ਰਸਿੱਧ ਸਾਹਿਤਕਾਰਾਂ ਉਪਰ ਦਸਤਾਵੇਜ਼ੀ ਡਾਕੂਮੈਂਟਰੀਆਂ ਬਣਾਉਣ ਦੇ ਕੰਮ ਨੂੰ ਜਾਰੀ ਰੱਖੇਗਾ।

ਨਾਵਲਕਾਰ ਕ੍ਰਿਸ਼ਨ ਪ੍ਰਤਾਪ, ਰਮਨ ਮਾਨ ਕਾਲੇਕੇ, ਰਾਜੀਵ ਕਮਲ ਅਤੇ ਤਰਸੇਮ ਲੰਡੇ ਨੇ ਅਮਰ ਘੋਲੀਆ ਦੀ ਲਗਨ ਅਤੇ ਮਿਹਨਤ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਮਰ ਇਕ ਜਨੂੰਨੀ ਕਲਾਕਾਰ ਹੈ ਜੋ ਆਪਣੇ ਖਰਚੇ 'ਤੇ ਐਡੇ ਵੱਡੇ ਕਾਰਜ ਕਰ ਰਿਹਾ ਹੈ। ਸਮਾਗਮ ਦੇ ਅੰਤ 'ਚ ਅਮਰ ਸੂਫੀ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਮੰਚ ਵਲੋਂ ਬੀਬਾ ਬਲਵੰਤ ਅਤੇ ਕਹਾਣੀਕਾਰ ਤਰਸੇਮ ਸਿੰਘ ਭੰਗੂ ਨੂੰ ਸਨਮਾਨਿਤ ਕੀਤਾ ਗਿਆ।

# ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਆਰਜ਼ੀ ਰੈਣ ਬਸੇਰਾ ਚਲਾਇਆ ਜਾ ਰਿਹਾ: ਡਾ. ਰੂਹੀ ਦੁੱਗ

* ਜ਼ਰੂਰਤਮੰਦ ਵਿਅਕਤੀਆਂ ਨੂੰ ਕੀਤੀ ਕੰਬਲਾਂ ਦੀ ਵੰਡ





ਫ਼ਰੀਦਕੋਟ, 1 ਜਨਵਰੀ (ਗਿਆਨ ਸਿੰਘ )ਕੜਾਕੇ ਦੀ ਪੈ ਰਹੀ ਸਰਦੀ ਨੂੰ ਧਿਆਨ ਚ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸ਼ਨ ਫ਼ਰੀਦਕੋਟ ਵੱਲੋਂ ਅਸਥਾਈ ਤੋਰ ਤੇ ਰੈਣ ਬਸੇਰਾ ਚਲਾਇਆ ਜਾ ਰਿਹਾ ਹੈ। ਜਿੱਥੇ ਕੋਈ ਵੀ ਬੇਘਰ/ ਜ਼ਰੂਰਤਮੰਦ ਵਿਅਕਤੀ ਰਾਤ ਨੂੰ ਠਹਿਰ ਸਕਦਾ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ।ਰੂਹੀ ਦੁੱਗ ਨੇ ਦਿੱਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਅਸਥਾਈ ਰੈਣ ਬਸੇਰਾ ਰੇਲਵੇ ਸਟੇਸ਼ਨ ਨਜ਼ਦੀਕ ਕਚਹਿਰੀਆਂ ਦੇ ਪਿਛਲੇ ਪਾਸੇ ਚੱਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇੱਥੇ ਜ਼ਰੂਰਤ ਅਨੁਸਾਰ ਯਾਤਰੀਆਂ/ ਠਹਿਰਨ ਵਾਲੇ ਦੀ ਸਹੂਲਤ ਅਨੁਸਾਰ ਗਰਮ ਬਿਸਤਰਾ ਅਤੇ ਬਾਥਰੂਮ ਆਦਿ ਸਹੂਲਤਾਂ ਉਪਲੱਬਧ ਹਨ। ਇੱਥੇ ਕੋਈ ਵੀ ਜਰੂਰਤਮੰਦ ਯਾਤਰੀ/ਵਿਅਕਤੀ 24 ਘੰਟੇ ਸੰਪਰਕ ਕਰਕੇ ਰਾਤ ਗੁਜ਼ਾਰ ਸਕਦਾ ਹੈ।

ਉਨ੍ਹਾਂ ਕਿਹਾ ਕਿ ਮਾਨਵ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ਅਤੇ ਸਾਨੂੰ ਹਮੇਸ਼ਾ ਹੀ ਦੀਨ-ਦੁਖੀਆਂ ਦੀ ਮਦਦ ਕਰਨੀ ਚਾਹੀਦੀ ਹੈ। ਇਸੇ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਵਲੋਂ ਗਠਿਤ ਰੈਡ ਕਰਾਸ ਦੀ ਟੀਮ ਵੱਲੋ ਬੀਤੀ ਰਾਤ ਠੰਢ ਨਾਲ ਠੁਰ ਠੁਰ ਕਰ ਵਿਅਕਤੀਆ ਨੂੰ ਕੰਬਲਾਂ ਦੀ ਵੰਡ ਕੀਤੀ ਗਈ। ਇਸ ਤੋਂ ਇਲਾਵਾ ਝੁੱਗੀ ਝੋਪੜੀਆਂ ਚ ਰਹਿ ਰਹੇ ਬੱਚਿਆਂ ਨੂੰ ਟੋਪੀਆਂ ਅਤੇ ਜੁਰਾਬਾਂ ਦੀ ਵੰਡ ਕੀਤੀ ਗਈ। ਇਸ ਮੌਕੇ ਰੈਡ ਕਰਾਸ ਦੇ ਕਰਮਚਾਰੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਲੋਂ ਆਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਗਰੀਬ ਵਿਅਕਤੀ ਜਿਸ ਨੂੰ ਕੰਬਲ ਆਦਿ ਦੀ ਜਰੂਰਤ ਹੋਵੇ ਉਸ ਨੂੰ ਉਪਲਬੱਧ ਕਰਵਾਇਆ ਜਾਵੇ।ਇਸ ਤੋਂ ਇਲਾਵਾ ਜੇਕਰ ਕਿਸੇ ਵੀ ਗਰੀਬ/ਜਰੂਰਤਮੰਦ ਵਿਅਕਤੀ ਜਿਸ ਨੂੰ ਕੰਬਲ ਆਦਿ ਦੀ ਜ਼ਰੂਰਤ ਹੋਵੇ ਤਾਂ ਉਹ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਸੰਪਰਕ ਕਰ ਸਕਦਾ ਹੈ।







## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com





## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**











## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਬਾਦਲਾਂ ਅਤੇ ਢੀਂਡਸਾ ਪਰਿਵਾਰ ਨੇ ਮਿਲੀਭੁਗਤ ਨਾਲ ਸੰਗਰੂਰ ਮੈਡੀਕਲ ਕਾਲਜ ਦੇ ਕੰਮ ਵਿਚ ਅੜਿੱਕਾ ਡਾਹਿਆ ਹੋਇਆ: ਮੁੱਖ ਮੰਤਰੀ

* ਅਜਿਹੇ ਕੋਝੇ ਹੱਥਕੰਡੇ ਅਪਣਾਉਣ ਨਾਲ ਦੋਵਾਂ ਪਰਿਵਾਰਾਂ ਦਾ ਲੋਕ ਵਿਰੋਧੀ ਚਿਹਰਾ ਬੇਨਕਾਬ ਹੋਇਆ * ਮੈਡੀਕਲ ਸਿੱਖਿਆ ਦੇ ਮਾਣਮੱਤੇ ਪ੍ਰਾਜੈਕਟ ਨੂੰ ਰੋਕਣ ਲਈ ਦੋਵਾਂ ਪਰਿਵਾਰਾਂ ਨੇ ਆਪਣੇ ਸਿਆਸੀ ਵਖਰੇਵੇਂ ਵੀ ਲਾਂਭੇ ਕਰ ਦਿੱਤੇ



ਸੰਗਰੂਰ, 1 ਜਨਵਰੀ (ਪੋਸਟ ਬਿਊਰੋ) – ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਬਾਦਲਾਂ ਅਤੇ ਢੀਂਡਸਾ ਪਰਿਵਾਰ ਉਤੇ ਤਿੱਖਾ ਨਿਸ਼ਾਨਾ ਸਾਧਦਿਆਂ ਆਖਿਆ ਕਿ ਇਨ੍ਹਾਂ ਦੋਵਾਂ ਪਰਿਵਾਰਾਂ ਨੇ ਆਪਣੇ ਸੌੜੇ ਸਿਆਸੀ ਹਿੱਤਾਂ ਦੀ ਖਾਤਰ ਸੰਗਰੂਰ ਦੇ ਮੈਡੀਕਲ ਕਾਲਜ ਦੇ ਕੰਮ ਵਿਚ ਅੜਿੱਕਾ ਡਾਹਿਆ ਹੋਇਆ ਹੈ।

ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਅਜਿਹੇ ਕੋਝੇ ਹੱਥਕੰਡੇ ਅਪਣਾਉਣ ਨਾਲ ਇਨ੍ਹਾਂ ਦੋਵਾਂ ਪਰਿਵਾਰਾਂ ਦਾ ਲੋਕ ਵਿਰੋਧੀ ਚਿਹਰਾ ਬੇਨਕਾਬ ਹੋਇਆ ਹੈ ਕਿਉਂਕਿ ਇਹ ਪਰਿਵਾਰ ਨਹੀਂ ਚਾਹੁੰਦੇ ਕਿ ਆਮ ਲੋਕਾਂ ਨੂੰ ਇੱਥੇ ਬਣਨ ਵਾਲੇ ਮੈਡੀਕਲ ਕਾਲਜ ਨਾਲ ਬਿਹਤਰ ਇਲਾਜ ਅਤੇ ਸਿੱਖਿਆ ਮੁਹੱਈਆ ਹੋਵੇ ਜਿਸ ਕਰਕੇ ਇਲਾਕੇ ਲਈ ਇਸ ਵੱਕਾਰੀ ਪ੍ਰਾਜੈਕਟ ਦੇ ਰਾਹ ਵਿਚ ਅੜਿੱਕੇ ਡਾਹੁਣ ਲਈ ਮਿਲੀਭੁਗਤ ਨਾਲ ਸਾਜ਼ਿਸ਼ਾਂ ਰਚੀਆਂ ਗਈਆਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸੰਗਰੂਰ ਨੇੜੇ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਜੀ ਦੀ ਯਾਦ ਵਿਚ ਉਚ ਦਰਜੇ ਦਾ ਮੈਡੀਕਲ ਕਾਲਜ ਸਥਾਪਤ ਕਰਨ ਦਾ ਫੈਸਲਾ ਕੀਤਾ ਸੀ ਜਿਸ ਲਈ 460 ਕਰੋੜ ਰੁਪਏ ਦੇ ਫੰਡ ਰੱਖੇ ਗਏ ਸਨ। ਭਗਵੰਤ ਮਾਨ ਨੇ ਕਿਹਾ ਕਿ ਇਸ ਪ੍ਰਾਜੈਕਟ ਦਾ ਕੰਮ ਸ਼ੁਰੂ ਕਰਨ ਲਈ ਸੂਬਾ ਸਰਕਾਰ ਨੇ 460 ਕਰੋੜ ਰੁਪਏ ਵਿੱਚੋਂ ਬਹੁਤ ਫੰਡ ਪਹਿਲਾਂ ਹੀ ਜਾਰੀ ਕਰ ਦਿੱਤੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਮੈਡੀਕਲ ਕਾਲਜ ਦਾ ਪਹਿਲਾ ਅਕਾਦਮਿਕ ਸੈਸ਼ਨ ਇਸ ਸਾਲ ਮਾਰਚ ਮਹੀਨੇ ਤੋਂ ਸ਼ੁਰੂ ਹੋਣਾ ਸੀ ਜਿਸ ਨਾਲ ਸਮੁੱਚੇ ਮਾਲਵਾ ਖਿੱਤੇ ਨੂੰ ਬਿਹਤਰ ਮੈਡੀਕਲ ਸਹੂਲਤਾਂ ਹਾਸਲ ਹੋਣੀਆਂ ਸਨ। ਉਨ੍ਹਾਂ ਕਿਹਾ ਕਿ ਇਲਾਕੇ ਦੇ ਨੌਜਵਾਨਾਂ ਨੂੰ ਉਚੇਰੀ ਮੈਡੀਕਲ ਸਿੱਖਿਆ ਦੇ ਬਿਹਤਰ ਮੌਕੇ ਇੱਥੇ ਹੀ ਮਿਲਣੇ ਸ਼ੁਰੂ ਹੋਣੇ ਸਨ ਅਤੇ ਇਨ੍ਹਾਂ ਨੌਜਵਾਨਾਂ ਨੂੰ ਮੈਡੀਕਲ ਸਿੱਖਿਆ ਲਈ ਮਜਬੂਰੀਵੱਸ ਯੂਕਰੇਨ ਤੇ ਹੋਰ ਵਿਦੇਸ਼ੀ ਮੁਲਕਾਂ ਵਿਚ ਨਾ ਜਾਣਾ ਪੈਂਦਾ। ਇਸ ਤੋਂ ਇਲਾਵਾ ਭਗਵੰਤ ਮਾਨ ਨੇ ਕਿਹਾ ਕਿ ਮੈਡੀਕਲ ਕਾਲਜ ਨੇ ਜਿੱਥੇ ਇਲਾਕੇ ਦੇ ਨੌਜਵਾਨਾਂ ਨੂੰ ਸਿੱਧੇ ਅਤੇ ਅਸਿੱਧੇ ਤੌਰ ਉਤੇ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣੇ ਸਨ, ਉਥੇ ਹੀ ਮਾਲਵਾ ਪੱਟੀ ਦੀ ਵਿਕਾਸ ਵਿਚ ਵੱਡਾ ਯੋਗਦਾਨ ਪਾਉਣਾ ਸੀ।

ਮੁੱਖ ਮੰਤਰੀ ਨੇ ਦੁੱਖ ਨਾਲ ਕਿਹਾ ਕਿ ਇਸ ਮਾਣਮੱਤੇ ਪ੍ਰਾਜੈਕਟ ਨੂੰ ਰੋਕਣ ਲਈ ਬਾਦਲਾਂ ਅਤੇ ਢੀਂਡਸਾ ਪਰਿਵਾਰ ਨੇ ਆਪਸ ਵਿਚ ਸੁਰ ਨਾਲ ਸੁਰ ਮਿਲਾਉਂਦੇ ਹੋਏ ਆਪਣੇ ਸਿਆਸੀ ਵਖਰੇਵਿਆਂ ਨੂੰ ਵੀ ਲਾਂਭੇ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਰਸੂਖਦਾਰ ਪਰਿਵਾਰਾਂ ਨੇ ਪੂਰੀ ਵਾਹ ਲਾਈ ਹੋਈ ਹੈ ਕਿ ਕਿਸੇ ਵੀ ਤਰ੍ਹਾਂ ਇਹ ਪ੍ਰਾਜੈਕਟ ਸ਼ੁਰੂ ਨਾ ਹੋਵੇ ਅਤੇ ਇੱਥੋਂ ਤੱਕ ਕਿ ਕਾਨੂੰਨੀ ਤੌਰ ਉਤੇ ਰੁਕਾਵਟਾਂ ਪੈਦਾ ਕੀਤੀਆਂ ਗਈਆਂ। ਭਗਵੰਤ ਮਾਨ ਨੇ ਕਿਹਾ ਕਿ ਬਾਦਲਾਂ ਨੇ ਇਸ ਪ੍ਰਾਜੈਕਟ ਨੂੰ ਸਥਾਪਤ ਨਾ ਹੋਣ ਦੇਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੀ ਦੁਰਵਰਤੋਂ ਕੀਤੀ ਤਾਂ ਕਿ ਆਮ ਲੋਕਾਂ ਨੂੰ ਕੋਈ ਰਾਹਤ ਨਾ ਮਿਲ ਸਕੇ।

ਮੁੱਖ ਮੰਤਰੀ ਨੇ ਦੁੱਖ ਨਾਲ ਕਿਹਾ ਕਿ ਇਹ ਕਿੰਨੀ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਬਾਦਲ ਪਰਿਵਾਰ ਦੇ ਹੱਥਾਂ ਵਿਚ ਕਠਪੁਤਲੀ ਵਾਲੀ ਭੂਮਿਕਾ ਨਿਭਾਅ ਰਹੀ ਹੈ ਅਤੇ ਇਸ ਸੰਸਥਾ ਨੂੰ ਬਾਦਲਾਂ ਵੱਲੋਂ ਆਪਣੇ ਸਿਆਸੀ ਮਨਸੂਬੇ ਪੂਰੇ ਕਰਨ ਲਈ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨੂੰ ਰੋਕਣ ਲਈ ਬਾਦਲ ਸ਼੍ਰੋਮਣੀ ਕਮੇਟੀ ਦੀ ਦੁਰਵਰਤੋਂ ਕਰ ਰਹੇ ਹਨ ਜਦਕਿ ਇਸ ਪ੍ਰਾਜੈਕਟ ਨੇ ਇਲਾਕੇ ਦੇ ਲੋਕਾਂ ਦੀ ਤਕਦੀਰ ਬਦਲ ਦੇਣੀ ਸੀ। ਭਗਵੰਤ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਅਕਾਲੀ ਉਨ੍ਹਾਂ ਕੋਲ ਆਉਣ ਤਾਂ ਅਕਾਲੀਆਂ ਪਾਸੋਂ ਇਸ ਪ੍ਰਾਜੈਕਟ ਨੂੰ ਰੋਕਣ ਪਿੱਛੇ ਦੇ ਮਕਸਦ ਬਾਰੇ ਸੁਆਲ ਜ਼ਰੂਰ ਕਰਨ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਇਹ ਮੈਡੀਕਲ ਕਾਲਜ ਹਰ ਕੀਮਤ ਉਤੇ ਸ਼ੁਰੂ ਕਰਨ ਲਈ ਉਨ੍ਹਾਂ ਦੀ ਸਰਕਾਰ ਦ੍ਰਿੜ ਵਚਨਬੱਧ ਹੈ ਤਾਂ ਕਿ ਸੂਬੇ ਦੇ ਲੋਕਾਂ ਨੂੰ ਇਸ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਬਾਦਲ ਜਾਂ ਢੀਂਡਸਾ ਜੋ ਕਰਨਾ ਚਾਹੁੰਦੇ ਹਨ, ਕਰ ਲੈਣ ਪਰ ਪ੍ਰਾਜੈਕਟ ਹਰ ਹਾਲ ਵਿਚ ਸ਼ੁਰੂ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਉਹ ਬਾਦਲਾਂ ਤੇ ਢੀਂਡਸਿਆਂ ਨੂੰ ਉਨ੍ਹਾਂ ਦੇ ਇਨ੍ਹਾਂ ਘਿਨਾਉਣੇ ਕਾਰਿਆਂ ਨੂੰ ਸਫਲ ਨਹੀਂ ਹੋਣ ਦੇਣਗੇ ਅਤੇ ਆਮ ਲੋਕਾਂ ਦੀ ਭਲਾਈ ਵਾਲਾ ਇਹ ਪ੍ਰਾਜੈਕਟ ਛੇਤੀ ਸ਼ੁਰੂ ਹੋਵੇਗਾ।

ਵਿਰੋਧੀ ਧਿਰਾਂ ਨੂੰ ਆੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਲੀਡਰਸ਼ਿਪ ਦਾ ਇੱਕੋ-ਇੱਕ ਏਜੰਡਾ ਸੂਬੇ ਦੇ ਵਿਕਾਸ ਨੂੰ ਲੀਹੋਂ ਲਾਹੁਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵਿਰੁੱਧ ਕੋਈ ਠੋਸ ਮੁੱਦਾ ਨਾ ਹੋਣ ਕਾਰਨ ਬੁਖਲਾਏ ਹੋਏ ਅਕਾਲੀ ਮੀਡੀਆ 'ਚ ਸੁਰਖੀਆਂ ਬਟੋਰਨ ਲਈ ਅੱਕੀ ਪਲਾਹੀ ਹੱਥ ਮਾਰ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਉਹ ਪੰਜਾਬ ਨੂੰ ਦੇਸ ਦਾ ਮੋਹਰੀ ਸੂਬਾ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ ਅਤੇ ਉਨ੍ਹਾਂ ਨੂੰ ਕੋਈ ਨਹੀਂ ਰੋਕ ਸਕਦਾ।

ਇਸ ਮੌਕੇ ਮੁੱਖ ਮੰਤਰੀ ਦੇ ਨਾਲ ਵਿੱਤ ਮੰਤਰੀ ਹਰਪਾਲ ਚੀਮਾ, ਸੂਚਨਾ ਤੇ ਲੋਕ ਸੰਪਰਕ ਮੰਤਰੀ ਅਮਨ ਅਰੋੜਾ, ਵਿਧਾਇਕ ਨਰਿੰਦਰ ਕੌਰ ਭਰਾਜ ਅਤੇ ਹੋਰ ਵੀ ਹਾਜ਼ਰ ਸਨ।

ਸਾਲ 2022 ਵਿੱਚ ਸਾਇੰਸ ਤਕਨਾਲੋਜੀ ਅਤੇ ਵਾਤਾਵਰਨ

# ਵਾਤਾਵਰਣ ਸੰਭਾਲ ਲਈ ਸਰਕਾਰ ਦੇ ਉਪਰਾਲੇ; ਪਰਾਲੀ ਸਾੜਨ ਦੇ ਰੁਝਾਨ 'ਚ ਕਮੀ ਅਤੇ ਸਿੰਗਲ ਯੂਜ਼ ਪਲਾਸਿਟਕ ਉਤੇ ਪਾਬੰਦੀ



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ) - ਬੀਤੇ ਸਾਲ 2022 ਵਿੱਚ ਵਾਤਾਵਰਣ ਦੀ ਸੰਭਾਲ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਨਿਰੰਤਰ ਉਪਰਾਲੇ ਕੀਤੇ ਗਏ। ਸਰਕਾਰ ਦੀਆਂ ਕੋਸ਼ਿਸ਼ਾਂ ਸਫਲ ਹੋਈਆਂ ਜਿਸ ਦੇ ਚੰਗੇ ਰੁਝਾਨ ਸਾਹਮਣੇ ਆਏ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਉਲੀਕੀਆਂ ਗਈਆਂ।

ਪੰਜਾਬ ਦੇ ਵਾਤਾਵਰਣ ਅਤੇ ਸਾਇੰਸ ਤਕਨਾਲੋਜੀ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਰੁਝਾਨ ਨੂੰ ਰੋਕਣ ਲਈ ਚਲਾਈ ਮੁਹਿੰਮ ਨੂੰ ਵੱਡੀ ਸਫਲਤਾ ਮਿਲੀ। ਇਨ ਸੀਟੂ ਤੇ ਐਕਸ ਸੀਟੂ ਦੋਵੇਂ ਫਰੰਟ ਉਤੇ ਸਰਕਾਰ ਨੇ ਵੱਡੇ ਕਦਮ ਚੁੱਕੇ। ਇਸ ਦੇ ਨਤੀਜੇ ਵਜੋਂ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ 30 ਫੀਸਦੀ ਅੱਗ ਲੱਗਣ ਦੇ ਕੇਸਾਂ ਵਿੱਚ ਕਮੀ ਦਰਜ ਕੀਤੀ ਗਈ। ਕਿਸਾਨਾਂ ਨੂੰ ਸਬਸਿਡੀ ਉਤੇ ਇਕ ਲੱਖ ਤੋਂ ਵੱਧ ਪਰਾਲੀ ਪ੍ਰਬੰਧਨ ਮਸ਼ੀਨਾਂ ਵੰਡੀਆਂ ਗਈਆਂ। ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦੇ ਸਨਮਾਨ ਵਿੱਚ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ। ਇੱਟਾਂ ਦੇ ਭੱਠਿਆਂ ਵਿੱਚ 20 ਫ਼ੀਸਦੀ ਕੋਲੇ ਦੇ ਬਦਲੇ ਝੋਨੇ ਦੀ ਪਰਾਲੀ ਦੀਆਂ ਗਿੱਟੀਆਂ ਦੀ ਵਰਤੋਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਪੰਜਾਬ ਵਿੱਚ ਕਰੀਬ 2000 ਇੱਟਾਂ ਦੇ ਭੱਠਿਆਂ ਦੁਆਰਾ ਝੋਨੇ ਦੀ ਪਰਾਲੀ ਨੂੰ ਅਪਣਾਉਣ ਨਾਲ ਪ੍ਰਤੀ ਸਾਲ 5 ਲੱਖ ਟਨ ਝੋਨੇ ਦੀ ਪਰਾਲੀ ਦੀ ਵਰਤੋਂ ਹੋਵੇਗੀ।

ਚੌਗਿਰਦੇ ਦੀ ਸੰਭਾਲ ਵਾਸਤੇ ਸੂਬਾ ਸਰਕਾਰ ਵੱਲੋਂ ਇਸ ਸਾਲ ਸਿੰਗਲ ਯੂਜ਼ ਪਲਾਸਟਿਕ ਆਈਟਮਾਂ 'ਤੇ ਸਖਤੀ ਨਾਲ ਪਾਬੰਦੀ ਲਾਗੂ ਕੀਤੀ ਗਈ। ਧੂਰੀ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬਾ ਵਾਸੀਆਂ ਨੂੰ ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਪ੍ਰੇਰਿਤ ਕੀਤਾ। ਸਰਕਾਰ ਵੱਲੋਂ ਪਾਬੰਦੀ ਦੇ ਨਾਲ ਜਾਗਰੂਕਤਾ ਮੁਹਿੰਮ ਵੀ ਨਾਲੋ-ਨਾਲ ਚਲਾਈ ਜਾ ਰਹੀ ਹੈ। ਵਾਤਾਵਰਣ ਦੇ ਖੇਤਰ ਵਿੱਚ ਵੱਖ-ਵੱਖ ਏਜੰਸੀਆਂ/ਸੰਸਥਾਵਾਂ ਦੇ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦੇਣ/ਇਨਾਮ ਦੇਣ ਲਈ ਸ਼ਹੀਦ ਭਗਤ ਸਿੰਘ ਰਾਜ ਵਾਤਾਵਰਣ ਪੁਰਸਕਾਰ ਦੀ ਸਥਾਪਨਾ ਕੀਤੀ ਗਈ।

ਉਦਯੋਗਾਂ ਦੇ ਵੱਖ-ਵੱਖ ਮੁੱਦਿਆਂ ਨੂੰ ਹੱਲ ਕਰਨ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਚੇਅਰਮੈਨ ਦੀ ਅਗਵਾਈ ਅਤੇ ਉਦਯੋਗਾਂ/ਉਦਯੋਗਿਕ ਐਸੋਸ਼ੀਏਸ਼ਨਾਂ ਦੇ ਮੈਂਬਰਾਂ ਦੀ ਇੱਕ ਉਦਯੋਗਿਕ ਸਲਾਹਕਾਰ ਕਮੇਟੀ ਬਣਾਈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਸਾਰੇ ਛੋਟੇ ਪੱਧਰ ਦੇ ਉਦਯੋਗਾਂ ਜਾਂ ਸੰਸਥਾਵਾਂ/ਹੋਰ ਅਦਾਰਿਆਂ (ਜਿਨ੍ਹਾਂ ਵਿੱਚ ਪੂੰਜੀ ਨਿਵੇਸ਼ 10 ਕਰੋੜ ਰੁਪਏ ਤੋਂ ਘੱਟ ਹੈ) ਜੋ ਮਨੋਨੀਤ ਖੇਤਰਾਂ ਵਿੱਚ ਕੰਮ ਕਰ ਰਹੇ ਹਨ ਅਤੇ ਜਿਨ੍ਹਾਂ ਨੇ ਉਹਨਾਂ ਯੂਨਿਟਾਂ ਦੇ ਸੰਚਾਲਨ ਲਈ ਬੋਰਡ ਤੋਂ ਕਦੇ ਸਹਿਮਤੀ ਨਹੀਂ ਲਈ ਹੈ ਅਤੇ ਬੋਰਡ ਦੇ ਪੁਰਾਣੇ ਦੇ ਤਹਿਤ ਕਦੇ ਵੀ ਸਹਿਮਤੀ ਫੀਸ ਨਹੀਂ ਲਈ ਹੈ, ਲਈ ਇੱਕ ਸਵੈ-ਇੱਛੁਕ ਖੁਲਾਸਾ ਯੋਜਨਾ (ਵੀਡੀਐਸ) ਵਧਾਉਣ ਦਾ ਫੈਸਲਾ ਕੀਤਾ ਹੈ। ਇਸ ਤਹਿਤ ਉਦਯੋਗਾਂ ਜਾਂ ਸੰਸਥਾਵਾਂ/ਹੋਰ ਅਦਾਰਿਆਂ ਨੂੰ ਸਾਲ 1992 ਤੋਂ 31 ਅਕਤੂਬਰ 2018 ਤੱਕ 5000 ਰੁਪਏ ਦੀ ਇੱਕ-ਵਾਰ ਕਾਲਪਨਿਕ ਫੀਸ ਤੋਂ ਇਲਾਵਾ ਕੋਈ ਵੀ ਫੀਸ ਨਹੀਂ ਦੇਣੀ ਪਵੇਗੀ।

# ਚੀਨ 'ਚ ਕੋਰੋਨਾ ਵਿਚਾਲੇ ਹਜ਼ਾਰਾਂ ਲੋਕ ਨਵੇਂ ਸਾਲ ਦਾ ਜਸ਼ਨ ਮਨਾਉਣ ਲਈ ਹੋਏ ਇਕੱਠੇ



ਵੁਹਾਨ/ਸੰਘਾਈ, 1 ਜਨਵਰੀ (ਪੋਸਟ ਬਿਊਰੋ)- ਕੇਂਦਰੀ ਵੁਹਾਨ ਵਿਚ ਸ਼ਨੀਵਾਰ ਰਾਤ ਨੂੰ ਹਜਾਰਾਂ ਲੋਕ ਇਸ ਉਮੀਦ ਲਈ ਇਕੱਠੇ ਹੋਏ ਕਿ ਤਾਲਾਬੰਦੀ ਨਾਲ ਭਰੇ 2022 ਅਤੇ ਦਸੰਬਰ ਵਿਚ ਕੋਰੋਨਾ ਵਿਸਫੋਟ ਤੋਂ ਬਾਅਦ ਅਗਲਾ ਸਾਲ ਬਿਹਤਰ ਰਹੇਗਾ। ਬਹੁਤ ਸਾਰੇ ਲੋਕਾਂ ਨੇ ਆਪਣੇ ਦੋਸਤਾਂ ਨਾਲ ਸੈਲਫੀ ਲੈਣ ਤੋਂ ਪਹਿਲਾਂ ਚੀਨੀ ਪਰੰਪਰਾ ਅਨੁਸਾਰ ਅਸਮਾਨ ਵਿਚ ਗੁਬਾਰੇ ਛੱਡੇ।

ਵੁਹਾਨ ਹਾਈ ਸਕੂਲ ਦੇ ਵਿਦਿਆਰਥੀ ਵਾਂਗ ਨੇ ਦੱਸਿਆ ਕਿ ਪਿਛਲੇ ਸਾਲ ਕੋਵਿਡ-19 ਬਹੁਤ ਖਤਰਨਾਕ ਸੀ। ਮੇਰੇ ਪਰਿਵਾਰ ਦੇ ਕੁਝ ਮੈਂਬਰਾਂ ਨੂੰ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ, ਪਰ ਮੈਨੂੰ ਉਮੀਦ ਹੈ ਕਿ ਉਹ ਨਵੇਂ ਸਾਲ ਵਿੱਚ ਸਿਹਤਮੰਦ ਹੋਣਗੇ। ਦੱਸਣਯੋਗ ਹੈ ਕਿ ਇਸ ਸਮੇਂ ਚੀਨ ਵਿਚ ਕੋਰੋਨਾ ਦਾ ਕਹਿਰ ਜਾਰੀ ਹੈ। ਚੀਨ ਵਿਚ ਪ੍ਰਤੀ ਦਿਨ 9000 ਲੋਕ ਕੋਰੋਨਾ ਨਾਲ ਮਰ ਰਹੇ ਹਨ।

ਵੁਹਾਨ ਦੇ ਹੰਕੋ ਕਸਟਮ ਹਾਊਸ ਵਿਖੇ ਔਰਤ ਨੇ ਕਿਹਾ, "ਮੈਂ ਡਰਦੀ ਹਾਂ। ਜਦੋਂ ਮੈਂ ਅੱਜ ਰਾਤ ਨੂੰ ਬਾਹਰ ਆਈ ਤਾਂ ਮੈਂ ਅਜੇ ਵੀ ਡਰੀ ਹੋਈ ਸੀ, ਪਰ ਮੈਂ ਸਿਰਫ ਬਾਹਰ ਆਉਣਾ ਚਾਹੁੰਦੀ ਸੀ ਕਿਉਂਕਿ ਬਾਕੀ ਸਾਰੇ ਬਾਹਰ ਸਨ। ਪੁਰਾਣੇ ਕਲਾਕ ਟਾਵਰ ਦੇ ਸਾਹਮਣੇ ਇਕੱਠੀ ਹੋਈ ਭੀੜ ਨੂੰ ਕਾਬੂ ਕਰਨ ਲਈ ਸਾਦੇ ਕੱਪੜਿਆਂ ਵਾਲੇ ਕਰਮਚਾਰੀ ਅਤੇ ਹੋਰ ਸੁਰੱਖਿਆ ਕਰਮਚਾਰੀ ਦੇਖੇ ਗਏ। ਪੁਲਸ ਨੇ ਕਈ ਥਾਵਾਂ 'ਤੇ ਲਾਊਡਸਪੀਕਰਾਂ ਦੀ ਵਰਤੋਂ ਕੀਤੀ, ਲੋਕਾਂ ਨੂੰ ਇਕੱਠੇ ਨਾ ਹੋਣ ਦੀ ਚੇਤਾਵਨੀ ਦਿੱਤੀ।

ਦੱਸ ਦੇਈਏ ਕਿ ਨਵੰਬਰ ਦੇ ਅੰਤ ਵਿਚ ਸੈਂਕੜੇ ਲੋਕਾਂ ਨੇ ਵੁਹਾਨ ਸਮੇਤ ਦੇਸ਼ ਭਰ ਦੇ ਸ਼ਹਿਰਾਂ ਦੀਆਂ ਸੜਕਾਂ 'ਤੇ ਲਾਕਡਾਊਨ ਦਾ ਵਿਰੋਧ ਕੀਤਾ ਅਤੇ ਇਸ ਨੂੰ ਹਟਾਉਣ ਦੀ ਮੰਗ ਕੀਤੀ। ਇਨ੍ਹਾਂ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਚੀਨ ਨੇ ਸਖ਼ਤ ਪਾਬੰਦੀਆਂ ਦੀ ਆਪਣੀ ਸਖਤ 'ਜੀਰੋ ਕੋਵਿਡ' ਨੀਤੀ ਨੂੰ ਤਿਆਗ ਦਿੱਤਾ।

# ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਨੇ ਕੀਤੇ ਵੱਡੇ ਉਪਰਾਲੇ

* ਜਨਵਰੀ, 2023 ਤੋਂ ਅਸ਼ੀਰਵਾਦ ਸਕੀਮ ਅਧੀਨ ਗਰੀਬ ਪਰਿਵਾਰ ਘਰੋ ਹੀ ਪੋਰਟਲ ਤੇ ਅਰਜ਼ੀਆਂ ਆਨਲਾਈਨ ਕਰਕੇ ਲੈ ਸਕਦੇ ਹਨ ਲਾਭ



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ) - ਸੂਬੇ ਦੇ ਲੋਕਾਂ ਨੂੰ ਆਨਲਾਈਨ ਸਹੂਲਤਾਂ ਮੁਹੱਈਆਂ ਕਰਵਾਉਣ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇੱਕ ਨਿਵੇਕਲੀ ਪਹਿਲਕਦਮੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਸਬੰਧੀ ਨਵੇਂ ਸਾਲ ਤੋਂ ਅਰਜ਼ੀਆਂ ਸਬੰਧੀ ਸਮੁੱਚੀ ਪ੍ਰਕਿਰਿਆ ਪੋਰਟਲ ਤੇ ਸ਼ੁਰੂ ਕਰਕੇ ਇੱਕ ਵੱਡਾ ਉੱਦਮ ਕੀਤਾ ਗਿਆ। ਅਸ਼ੀਰਵਾਦ ਸਕੀਮ ਨੂੰ ਹੋਰ ਸੁਖਾਲਾ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨ ਲਈ 01 ਜਨਵਰੀ, 2023 ਤੋਂ ਇਸ ਸਕੀਮ ਅਧੀਨ ਸਾਰੀਆਂ ਅਰਜ਼ੀਆਂ ਆਨਲਾਈਨ ਪ੍ਰਾਪਤ ਕੀਤੀਆਂ ਜਾਣਗੀਆਂ। ਲਾਭਪਾਤਰੀ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਪੋਰਟਲ ਤੇ ਅਪਲਾਈ ਕਰ ਸਕਦਾ ਹੈ।

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦਾ ਵਿਦਿਅਕ, ਸਮਾਜਿਕ ਅਤੇ ਆਰਥਿਕ ਵੱਖ ਵੱਖ ਸਕੀਮਾਂ ਲਾਗੂ ਕੀਤੀਆਂ ਗਈਆਂ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 19646 ਲਾਭਪਾਤਰੀਆਂ ਨੂੰ ਅਤੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ 12090 ਲਾਭਪਾਤਰੀਆਂ ਕੁੱਲ 31736 ਲਾਭਪਾਤਰੀਆਂ ਨੂੰ 161।61 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।

ਡਾ।ਬਲਜੀਤ ਕੌਰ ਨੇ ਦੱਸਿਆ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ।ਸੀ ਸਟੂਡੈਂਟਸ ਸਕੀਮ ਤਹਿਤ 1,95,139 ਵਿਦਿਆਰਥੀਆਂ ਲਈ 184।04 ਕਰੋੜ ਰੁਪਏ ਜਾਰੀ ਕੀਤੇ ਗਏ੍ਟ ਇਸ ਸਕੀਮ ਤਹਿਤ ਵਿਦਿਆਰਥੀਆਂ ਵੱਲੋਂ ਵਿਦਿਅਕ ਸੈਸ਼ਨ 2022-23 ਦੌਰਾਨ ਅਪਲਾਈ ਕਰਨ ਲਈ ਡਾ।ਅੰਬੇਦਕਰ ਸਕਾਲਰਸ਼ਿਪ ਪੋਰਟਲ ਮਿਤੀ 08-06-2022 ਤੋਂ ਖੋਲ੍ਹਿਆ ਗਿਆ, ਜਿਸ ਤੇ ਮਿਤੀ 22-12-2022 ਤੱਕ 2,42,463 ਵਿਦਿਆਰਥੀਆਂ ਵੱਲੋਂ ਅਪਲਾਈ ਕੀਤਾ ਗਿਆ ਹੈ। ਇਨਾਂ ਵਿਦਿਆਰਥੀਆਂ ਦੀ ਪੂਰੀ ਫੀਸ ਅਤੇ ਵਜੀਫਾ ਰਾਸ਼ੀ ਸਰਕਾਰ ਵੱਲੋਂ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਨੌਜਵਾਨਾਂ ਨੂੰ ਆਤਮ ਨਿਰਭਰ ਬਣਾਉਣ ਦੇ ਮਕਸਦ ਨਾਲ ਨਿਊ ਵੋਕੇਸਨਲ ਟਰੇਨਿੰਗ ਇੰਨ ਆਈ।ਟੀ।ਆਈਜ਼ ਸਕੀਮ ਤਹਿਤ 1744 ਸਿਖਿਆਰਥੀਆਂ ਨੂੰ ਟ੍ਰੇਨਿੰਗ ਦਿੱਤੀ ਗਈ। ਪ੍ਰੀ-ਮੈਟ੍ਰਿਕ, ਪੋਸਟ ਮੈਟ੍ਰਿਕ ਅਤੇ ਮੈਰਿਟ ਕਮ ਮੀਨਸ ਬੇਸਡ ਸਕਾਲਰਸ਼ਿਪ ਸਕੀਮ ਤਹਿਤ ਘੱਟ ਗਿਣਤੀ ਵਰਗ ਨਾਲ ਸਬੰਧਤ 556857 ਵਿਦਿਆਰਥੀਆਂ ਨੂੰ 109।66 ਕਰੋੜ ਰੁਪਏ ਦੀ ਰਾਸ਼ੀ ਡੀ।ਬੀ।ਟੀ ਮੋਡ ਰਾਹੀ ਸਕਾਲਰਸ਼ਿਪ ਵਜੋਂ ਦਿੱਤੀ ਗਈ।

ਪੰਜਾਬ ਅਨੁਸੂਚਿਤ ਜਾਤੀਆਂ ਤੋਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਰਾਹੀਂ ਅਨੁਸੂਚਿਤ ਜਾਤੀਆਂ ਦੇ 242 ਲਾਭਪਾਤਰੀਆਂ ਨੂੰ ਸੈਲਫ ਇੰਪਲਾਈਮੈਂਟ ਸਕੀਮਾਂ ਅਧੀਨ 4।85 ਕਰੋੜ ਰੁਪਏ ਦੇ ਕਰਜੇ ਅਤੇ 0।06 ਕਰੋੜ ਰੁਪਏ ਦੀ ਸਬਸਿਡੀ ਦੀ ਰਕਮ ਵੰਡੀ ਗਈ। ਪੰਜਾਬ ਪੱਛੜੀਆਂ ਸ਼੍ਰੇਣੀਆਂ ਤੇ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਵੱਲੋਂ ਸੈਲਫ ਇੰਪਲਾਈਮੈਂਟ ਸਕੀਮਾਂ ਅਧੀਨ 135 ਲਾਭਪਾਤਰੀਆਂ ਨੂੰ 2।86 ਕਰੋੜ ਰੁਪਏ ਦੇ ਕਰਜੇ ਦੀ ਰਕਮ ਵੰਡੀ।

ਉਨ੍ਹਾਂ ਦੱਸਿਆ ਕਿ ਅੰਬੇਦਕਰ ਇੰਸਟੀਚਿਊਟ ਆਫ ਕਰੀਅਰਜ਼ ਐਂਡ ਕੋਰਸਿਜ਼ ਸੰਸਥਾ, ਐਸ।ਏ।ਐਸ।ਨਗਰ ਵਿਖੇ ਸਾਲ ਦੌਰਾਨ ਆਈ।ਏ।ਐਸ। ਪੀ।ਸੀ।ਐਸ ਅਤੇ ਬੈਂਕ ਪੀ।ਓ ਦੇ ਪ੍ਰੀਲਿਮਨਰੀ ਇੰਗਜਾਮੀਨੇਸ਼ਨ ਵਾਸਤੇ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ 102 ਵਿਦਿਆਰਥੀਆਂ ਨੂੰ ਕੋਚਿੰਗ ਦਿੱਤੀ ਜਾ ਰਹੀ ਹੈ। ਸਟੈਨੋਗ੍ਰਾਫੀ ਸਿਖਲਾਈ ਸਕੀਮ ਅਧੀਨ ਪੰਜਾਬੀ ਅਤੇ ਅੰਗਰੇਜੀ ਭਾਸ਼ਾ ਦੇ ਕੁੱਲ 67 ਵਿਦਿਆਰਥੀਆਂ ਨੂੰ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਹਨਾਂ ਵਿਦਿਆਰਥੀਆਂ ਨੂੰ ਸੰਸਥਾ ਵਿਚ ਮੁਫਤ ਰਿਹਾਇਸ ਅਤੇ ਖਾਣ ਪੀਣ ਦਾ ਉਪਬੰਧ ਕੀਤਾ ਗਿਆ। ਵਜੀਫੇ ਵਜੋਂ 1500/-ਰੁਪਏ ਪ੍ਰਤੀ ਮਹੀਨਾ ਦਿੱਤਾ ਗਿਆ।

# ਦਿੱਲੀ ਵਿਚ ਨਵੇਂ ਸਾਲ ਦਾ ਜਸ਼ਨ ਮਨਾ ਰਹੇ ਨੌਜਵਾਨਾਂ ਨੇ ਲੜਕੀ ਨੂੰ ਕਾਰ ਨਾਲ ਕਈ ਕਿਲੋਮੀਟਰ ਤੱਕ ਘੜੀਸਿਆ, ਮੌਤ



ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ)- ਨਵੇਂ ਸਾਲ ਦੇ ਪਹਿਲੇ ਹੀ ਦਿਨ ਦਿੱਲੀ ਵਿਚ ਇਕ ਲੜਕੀ ਨਾਲ ਹੈਰਾਨ ਕਰਨ ਵਾਲੀ ਘਟਨਾ ਵਾਪਰੀ ਹੈ। ਰਾਜਧਾਨੀ ਦੇ ਕਾਂਝਵਾਲਾ ਇਲਾਕੇ 'ਚ ਕਾਰ 'ਚ ਸਵਾਰ ਲੜਕਿਆਂ ਵਲੋਂ ਸਕੂਟੀ ਸਵਾਰ ਲੜਕੀ ਨੂੰ ਕਈ ਕਿਲੋਮੀਟਰ ਤੱਕ ਸੜਕ 'ਤੇ ਘੜੀਸਿਆ ਗਿਆ। ਇਸ ਘਟਨਾ ਵਿਚ ਪੀੜਤ ਲੜਕੀ ਦੀ ਮੌਤ ਹੋ ਗਈ। ਪੁਲਸ ਦੀ ਸੁਰੂਆਤੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਨੇ ਪਹਿਲਾਂ ਆਪਣੀ ਕਾਰ ਨਾਲ ਲੜਕੀ ਦੀ ਸਕੂਟੀ ਨੂੰ ਟੱਕਰ ਮਾਰੀ ਅਤੇ ਫਿਰ ਉਸ ਨੂੰ ਕਰੀਬ 12 ਕਿਲੋਮੀਟਰ ਤੱਕ ਘੜੀਸ ਕੇ ਲੈ ਗਏ। ਇਸ ਦੌਰਾਨ ਲੜਕੀ ਕਾਰ ਵਿਚ ਹੀ ਫਸ ਗਈ। ਇਸ ਘਟਨਾ ਸਬੰਧੀ ਜੋ ਵੀਡੀਓ ਸਾਹਮਣੇ ਆਈ ਹੈ, ਉਸ ਵਿਚ ਲੜਕੀ ਦੀਆਂ ਦੋਵੇਂ ਲੱਤਾਂ, ਸਿਰ ਅਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਡੂੰਘੀਆਂ ਸੱਟਾਂ ਦੇ ਨਿਸ਼ਾਨ ਹਨ। ਇਹ ਘਟਨਾ ਅਜਿਹੇ ਸਮੇਂ ਵਾਪਰੀ ਜਦੋਂ ਦਿੱਲੀ ਦੇ ਪੁਲਿਸ ਕਮਿਸਨਰ ਸੰਜੇ ਅਰੋੜਾ ਸਮੇਤ ਪੂਰੀ ਦਿੱਲੀ ਪੁਲਿਸ ਨਵੇਂ ਸਾਲ ਮੌਕੇ ਸੜਕਾਂ 'ਤੇ ਸੀ। ਫਿਲਹਾਲ ਪੁਲਸ ਨੇ ਇਸ ਪੂਰੇ ਮਾਮਲੇ 'ਚ ਸਾਰੇ 5 ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ ਹੈ। ਫੜ੍ਹੇ ਗਏ ਮੁਲਜ਼ਮਾਂ ਦੀ ਪਛਾਣ 26 ਸਾਲਾ ਦੀਪਕ ਖੰਨਾ, 25 ਸਾਲਾ ਅਮਿਤ ਖੰਨਾ, 27 ਸਾਲਾ ਕ੍ਰਿਸ਼ਨਾ, 26 ਸਾਲਾ ਮਿਥੁਨ ਅਤੇ 27 ਸਾਲਾ ਮਨੋਜ ਮਿੱਤਲ ਵਜੋਂ ਹੋਈ ਹੈ।

ਬਾਹਰੀ ਦਿੱਲੀ ਦੇ ਡੀਸੀਪੀ ਹਰਿੰਦਰ ਕੁਮਾਰ ਸਿੰਘ ਨੇ ਦੱਸਿਆ ਕਿ ਹੁਣ ਤੱਕ ਦੀ ਜਾਂਚ ਵਿਚ ਜੋ ਗੱਲਾਂ ਸਾਹ-ਮਣੇ ਆਈਆਂ ਹਨ, ਉਨ੍ਹਾਂ ਮੁਤਾਬਿਕ ਮੁਲਜਮ ਲੜਕੇ ਨਵੇਂ ਸਾਲ ਦਾ ਜਸ਼ਨ ਮਨਾ ਕੇ ਮੁਰਥਲ ਤੋਂ ਵਾਪਸ ਆ ਰਹੇ ਸਨ। ਉਨ੍ਹਾਂ ਦੱਸਿਆ ਕਿ ਮ੍ਰਿਤਕ ਲੜਕੀ ਦਾ ਪਰਿਵਾਰ ਅਮਨ ਵਿਹਾਰ ਵਿਚ ਰਹਿੰਦਾ ਹੈ। ਮ੍ਰਿਤਕ ਲੜਕੀ ਦੇ ਘਰ ਵਿਚ ਮਾਂ ਅਤੇ ਚਾਰ ਭੈਣ-ਭਰਾ ਹਨ, ਜਿਨ੍ਹਾਂ ਵਿਚ ਉਹ ਸਭ ਤੋਂ ਵੱਡੀ ਭੈਣ ਸੀ ਅਤੇ ਉਸ ਦੇ ਦੋ ਛੋਟੇ ਭਰਾ ਹਨ। ਡੀਸੀਪੀ ਹਰਿੰਦਰ ਕੁਮਾਰ ਸਿੰਘ ਅਨੁਸਾਰ ਮ੍ਰਿਤਕ ਲੜਕੀ ਪਾਰਟੀਆਂ ਵਿਚ ਖਾਣਾ ਪਰੋਸਦੀ ਸੀ ਅਤੇ ਸਵੇਰੇ 3 ਵਜੇ ਦੇ ਕਰੀਬ ਕੰਮ ਖਤਮ ਕਰਕੇ ਸਕੂਟੀ 'ਤੇ ਘਰ ਪਰਤ ਰਹੀ ਸੀ।

# ਜਿਨਸੀ ਸ਼ੋਸ਼ਣ ਦਾ ਮਾਮਲਾ ਦਰਜ ਹੋਣ ਤੋਂ ਬਾਅਦ ਹਰਿਆਣਾ ਦੇ ਖੇਡ ਮੰਤਰੀ ਨੇ ਦਿੱਤਾ ਅਸਤੀਫ਼ਾ

* ਕਿਹਾ, 'ਮੇਰੇ ਅਕਸ ਨੂੰ ਖਰਾਬ ਕਰਨ ਦੀ ਹੋ ਰਹੀ ਕੋਸ਼ਿਸ਼'



ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ)- ਚੰਡੀਗੜ੍ਹ ਪੁਲਸ ਨੇ ਸ਼ੁੱਕਰਵਾਰ ਨੂੰ ਜੂਨੀਅਰ ਐਥਲੈਟਿਕਸ ਕੋਚ ਦੀ ਸ਼ਿਕਾਇਤ ਦੇ ਆਧਾਰ 'ਤੇ ਹਰਿਆਣਾ ਦੇ ਖੇਡ ਮੰਤਰੀ ਸੰਦੀਪ ਸਿੰਘ ਵਿਰੁੱਧ ਜਿਨਸੀ ਸ਼ੋਸ਼ਣ ਅਤੇ ਅਪਰਾਧਿਕ ਧਮਕੀ ਦਾ ਮਾਮਲਾ ਦਰਜ ਕੀਤਾ ਹੈ। ਮੰਤਰੀ ਨੇ ਪਹਿਲਾਂ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਖਾਰਜ ਕਰ ਦਿੱਤਾ ਸੀ ਅਤੇ ਸੁਤੰਤਰ ਜਾਂਚ ਦੀ ਮੰਗ ਕੀਤੀ ਸੀ। ਹਾਲਾਂਕਿ ਮਾਮਲਾ ਦਰਜ ਹੋਣ ਤੋਂ ਬਾਅਦ ਉਨ੍ਹਾਂ ਨੇ ਖੇਡ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ।

ਆਪਣੇ ਅਸਤੀਫ਼ੇ ਦਾ ਐਲਾਨ ਕਰਦਿਆਂ ਸੰਦੀਪ ਸਿੰਘ ਨੇ ਕਿਹਾ, 'ਮੇਰੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੈਨੂੰ ਉਮੀਦ ਹੈ ਕਿ ਮੇਰੇ 'ਤੇ ਲਗਾਏ ਗਏ ਝੂਠੇ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਹੋਵੇਗੀ। ਜਾਂਚ ਰਿਪੋਰਟ ਆਉਣ ਤੱਕ ਮੈਂ ਮੁੱਖ ਮੰਤਰੀ ਨੂੰ ਖੇਡ ਵਿਭਾਗ ਦੀ ਜ਼ਿੰਮੇਵਾਰੀ ਸੌਂਪਦਾ ਹਾਂ।'

ਜੂਨੀਅਰ ਅਥਲੈਟਿਕਸ ਕੋਚ ਨੇ ਵਿਰੋਧੀ ਪਾਰਟੀ ਇੰਡੀਅਨ ਨੈਸਨਲ ਲੋਕ ਦਲ (ਇਨੈਲੋ) ਦੇ ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਕਰਕੇ ਸੂਬਾ ਸਰਕਾਰ ਤੋਂ ਸੁਰੱਖਿਆ ਦੀ ਮੰਗ ਕਰਦਿਆਂ ਕਿਹਾ ਕਿ ਮਨੋਹਰ ਲਾਲ ਖੱਟਰ ਸਰਕਾਰ ਨੂੰ ਤੁਰੰਤ ਸੰਦੀਪ ਸਿੰਘ ਨੂੰ ਬਰਖਾਸਤ ਕਰਨਾ ਚਾਹੀਦਾ ਹੈ ਅਤੇ ਇਸ ਦੀ ਵਿਸ਼ੇਸ਼ ਜਾਂਚ ਕਰਨੀ ਚਾਹੀਦੀ ਹੈ।

ਜੂਨੀਅਰ ਐਥਲੈਟਿਕਸ ਕੋਚ ਨੇ ਦੱਸਿਆ ਕਿ ਸੰਦੀਪ ਸਿੰਘ ਨੇ ਪਹਿਲਾਂ ਉਸ ਨੂੰ ਜਿੰਮ 'ਚ ਦੇਖਿਆ ਅਤੇ ਫਿਰ ਉਸ ਨਾਲ ਇੰਸਟਾਗ੍ਰਾਮ 'ਤੇ ਸੰਪਰਕ ਕੀਤਾ ਪਰ ਬਾਅਦ 'ਚ ਮੰਤਰੀ ਨੇ ਉਸ ਨੂੰ ਮਿਲਣ ਲਈ ਜੋਰ ਪਾਉਣਾ ਸ਼ੁਰੂ ਕਰ ਦਿੱਤਾ। ਕੋਚ ਨੇ ਕਿਹਾ, "ਸੰਦੀਪ ਸਿੰਘ ਨੇ ਮੈਨੂੰ ਇੰਸਟਾਗ੍ਰਾਮ 'ਤੇ ਮੈਸੇਜ ਕੀਤਾ ਅਤੇ ਕਿਹਾ ਕਿ ਤੁਹਾਡਾ ਰਾਸ਼ਟਰੀ ਖੇਡ ਸਰਟੀਫਿਕੇਟ ਪੈਂਡਿੰਗ ਹੈ ਅਤੇ ਉਹ ਇਸ ਸਬੰਧ ਵਿਚ ਮਿਲਣਾ ਚਾਹੁੰਦੇ ਹਨ।'' ਔਰਤ ਨੇ ਦੱਸਿਆ ਕਿ ਇਸ 'ਤੇ ਉਹ ਆਪਣੇ ਦਸਤਾਵੇਜ ਲੈ ਕੇ ਉਸ ਨੂੰ ਮਿਲਣ ਲਈ ਉਸ ਦੀ ਰਿਹਾਇਸ-ਕਮ-ਕੈਂਪ ਦਫ਼ਤਰ ਗਈ ਸੀ। ਦੋਸ਼ ਹੈ ਕਿ ਜਦੋਂ ਉਹ ਉੱਥੇ ਗਈ ਤਾਂ ਮੰਤਰੀ ਨੇ ਉਸ ਦਾ ਜਿਨਸੀ ਸ਼ੋਸ਼ਣ ਕੀਤਾ।

# ਟਵਿਟਰ 'ਤੇ ਸੈਨ ਫਰਾਂਸਿਸਕੋ ਦਫਤਰ ਦਾ ਕਿਰਾਇਆ ਅਦਾ ਨਾ ਕਰਨ 'ਤੇ ਮੁਕੱਦਮਾ ਦਰਜ



ਸੈਨ ਫ੍ਰਾਂਸਿਸਕੋ, 1 ਜਨਵਰੀ (ਪੋਸਟ ਬਿਊਰੋ)- ਟਵਿੱਟਰ ਇੰਕ 'ਤੇ ਸੈਨ ਫਰਾਂਸਿਸਕੋ ਵਿਚ ਆਪਣੇ ਦਫਤਰ ਦੀ ਜਗ੍ਹਾ ਦੇ ਕਿਰਾਏ ਵਿਚ 1,36,250 ਡਾਲਰ ਦਾ ਭੁਗਤਾਨ ਕਰਨ ਵਿਚ ਅਸਫ਼ਲ ਰਹਿਣ ਲਈ ਮੁਕੱਦਮਾ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਮਕਾਨ ਮਾਲਕ ਕੋਲੰਬੀਆ ਰੀਟ ਦਾ ਕਹਿਣਾ ਹੈ ਕਿ ਉਸਨੇ 16 ਦਸੰਬਰ ਨੂੰ ਟਵਿਟਰ ਨੂੰ ਸੂਚਿਤ ਕੀਤਾ ਸੀ ਕਿ ਉਹ ਪੰਜ ਦਿਨਾਂ ਵਿਚ ਹਾਰਟਫੋਰਡ ਇਮਾਰਤ ਦੀ 30ਵੀਂ ਮੰਜ਼ਿਲ 'ਤੇ ਲੀਜ਼ 'ਤੇ ਡਿਫਾਲਟਰ ਹੋ ਜਾਵੇਗਾ ਜੇਕਰ ਉਦੋਂ ਤੱਕ ਕਿਰ-ਾਇਆ ਅਦਾ ਨਹੀਂ ਕੀਤਾ ਜਾਂਦਾ ਹੈ। ਕੋਲੰਬੀਆ ਰੀਟ ਨੇ ਸ਼ਿਕਾਇਤ ਵਿਚ ਕਿਹਾ ਕਿ ਕਿਰਾਏਦਾਰ ਪੰਜ ਦਿਨਾਂ ਦੇ ਨੋਟਿਸ ਦੀ ਪਾਲਣਾ ਕਰਨ ਵਿਚ ਅਸਫ਼ਲ ਰਿਹਾ, ਇਸ ਲਈ ਵੀਰਵਾਰ ਨੂੰ ਸੈਨ ਫਰਾਂਸਿਸਕੋ ਵਿਚ ਸਟੇਟ ਕੋਰਟ ਵਿਚ ਪਟੀਸ਼ਨ ਦਾਇਰ ਕੀਤੀ ਗਈ।

ਨਿਊਯਾਰਕ ਟਾਈਮਜ਼ ਨੇ 13 ਦਸੰਬਰ ਨੂੰ ਰਿਪੋਰਟ ਦਿੱਤੀ ਕਿ ਟਵਿਟਰ ਨੇ ਹਾਲ ਹੀ ਦੇ ਹਫਤਿਆਂ ਵਿਚ ਆਪਣੇ ਹੈੱਡਕੁਆਰਟਰ, ਜਾਂ ਇਸਦੇ ਕਿਸੇ ਹੋਰ ਗਲੋਬਲ ਦਫਤਰਾਂ ਲਈ ਕਿਰਾਏ ਦਾ ਭੁਗਤਾਨ ਨਹੀਂ ਕੀਤਾ ਹੈ। ਕੰਪਨੀ 'ਤੇ ਇਸ ਮਹੀਨੇ ਦੇ ਸ਼ੁਰੂ ਵਿਚ ਦੋ ਚਾਰਟਰ ਉਡਾਣਾਂ ਲਈ ਭੁਗਤਾਨ ਕਰਨ ਤੋਂ ਇਨਕਾਰ ਕਰਨ ਲਈ ਮੁਕੱਦਮਾ ਵੀ ਕੀਤਾ ਗਿਆ ਸੀ।

ਟਵਿੱਟਰ ਨੇ ਅਜੇ ਤੱਕ ਇਸ ਮਾਮਲੇ 'ਤੇ ਟਿੱਪਣੀ ਲਈ ਬੇਨਤੀ ਦਾ ਜਵਾਬ ਨਹੀਂ ਦਿੱਤਾ ਹੈ। ਹਾਲਾਂਕਿ, ਟਵਿੱਟਰ ਦਾ ਕੋਈ ਮੀਡੀਆ ਵਿਭਾਗ ਨਹੀਂ ਹੈ।

# ਨਾਸਿਕ ਫੈਕਟਰੀ ਵਿਚ ਧਮਾਕੇ ਤੋਂ ਬਾਅਦ ਲੱਗੀ ਭਿਆਨਕ ਅੱਗ, ਦੋ ਦੀ ਮੌਤ; 17 ਜਖਮੀ





ਮੁੰਬਈ, 1 ਜਨਵਰੀ (ਪੋਸਟ ਬਿਊਰੋ)- ਮਹਾਰਾਸਟਰ ਦੇ ਨਾਸਿਕ ਵਿਚ ਇਕ ਫੈਕਟਰੀ ਵਿੱਚ ਭਿਆਨਕ ਅੱਗ ਲੱਗਣ ਦੀ ਖਬਰ ਹੈ। ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਘਟਨਾ ਵਿਚ 2 ਲੋਕਾਂ ਦੀ ਮੌਤ ਹੋ ਗਈ ਤੇ 17 ਜ਼ਖਮੀ ਹੋ ਗਏ ਹਨ। ਅਧਿਕਾਰੀਆਂ ਨੇ ਦੱਸਿਆ ਕਿ ਨਾਸਿਕ ਦੇ ਮੁੰਡੇਗਾਓਂ ਪਿੰਡ ਵਿੱਚ ਸਥਿਤ ਇੱਕ ਫੈਕਟਰੀ ਵਿਚ ਸਵੇਰੇ 11 ਵਜੇ ਬੁਆਇਲਰ ਫਟਣ ਤੋਂ ਬਾਅਦ ਜਬਰਦਸਤ ਅੱਗ ਲੱਗ ਗਈ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਨੇ ਕਈ ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ ਬੁਝਾਈ।

ਫੈਕਟਰੀ ਵਿਚ ਲੱਗੀ ਅੱਗ ਬਹੁਤ ਹੀ ਭਿਆਨਕ ਦੱਸੀ ਜਾ ਰਹੀ ਹੈ। ਜ਼ਿਲਾ ਹਸਪਤਾਲ, ਮੈਡੀਕਲ ਕਾਲਜ, ਨਗਰ ਨਿਗਮ ਵਿਚ ਜ਼ਖਮੀਆਂ ਨੂੰ ਭਰਤੀ ਕਰਵਾਇਆ ਗਿਆ। ਹਾਲਾਂਕਿ ਅਧਿਕਾਰੀਆਂ ਮੁਤਾਬਕ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਕੋਈ ਪਤਾ ਨਹੀਂ ਲੱਗ ਸਕਿਆ ਹੈ। ਮਹਾਰਾਸਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਨਾਸਿਕ ਦੀ ਇਕ ਫੈਕਟਰੀ ਵਿਚ ਧਮਾਕੇ ਵਿਚ ਜਖਮੀ ਹੋਏ ਲੋਕਾਂ ਨਾਲ ਮੁਲਾਕਾਤ ਕੀਤੀ।

ਇਸ ਤੋਂ ਪਹਿਲਾਂ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਟਵੀਟ ਕੀਤਾ, 'ਨਾਸਿਕ ਜ਼ਿਲੇ ਦੇ ਇਗਤਪੁਰੀ ਨੇੜੇ ਜਿੰਦਲ ਕੰਪਨੀ ਵਿਚ ਧਮਾਕਾ ਹੋਣ ਕਾਰਣ ਮੰਦਭਾਗੀ ਘਟਨਾ ਵਾਪਰੀ ਹੈ। ਉਨ੍ਹਾਂ ਕਿਹਾ, 'ਹੁਣ ਤੱਕ ਕੁੱਲ 19 ਲੋਕਾਂ ਨੂੰ ਬਾਹਰ ਕੱਢਿਆ ਗਿਆ ਹੈ ਅਤੇ 17 ਲੋਕਾਂ ਨੂੰ ਨਿੱਜੀ ਹਸਪਤਾਲਾਂ 'ਚ ਭਰਤੀ ਕਰਵਾਇਆ ਗਿਆ ਹੈ। ਇਨ੍ਹਾਂ ਵਿੱਚੋਂ ਚਾਰ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ ਅਤੇ ਬਦਕਿਸਮਤੀ ਨਾਲ ਦੋ ਦੀ ਮੌਤ ਹੋ ਗਈ ਹੈ। ਮੇਰੀ ਸੰਵੇਦਨਾ ਉਨ੍ਹਾਂ ਦੇ ਪਰਿਵਾਰ ਨਾਲ ਹੈ।

